


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ,24 ਮਾਰਚ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 274 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਟਰੰਪ ਨੇ ਸੱਤ ਆਸਟਰੇਲਿਆਈ ਯੂਨੀਵਰਸਿਟੀਆਂ ਦੀ ਫੰਡਿੰਗ ਘਟਾਈ



ਬ੍ਰਿਸਬੇਨ, ਲੋਕ ਬਾਣੀ-ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ 'ਅਮਰੀਕਾ ਪਹਿਲਾਂ' ਨੀਤੀ ਤਹਿਤ ਸੱਤ ਆਸਟਰੇਲਿਆਈ ਯੂਨੀਵਰਸਿਟੀਆਂ ਦੀ ਫੰਡਿੰਗ ਵਿੱਚ ਵੱਡੀ ਕਟੌਤੀ ਕੀਤੀ ਹੈ ਜਿਸ ਨਾਲ ਖੋਜ ਕਾਰਜਾਂ 'ਤੇ ਅਸਰ ਪੈਣ ਦੀ ਸੰਭਾਵਨਾ ਹੈ। ਲੱਖਾਂ ਡਾਲਰਾਂ ਦੀ ਕਟੌਤੀ ਨਾਲ ਆਸਟਰੇਲਿਆਈ ਅਕਾਦਮਿਕ ਭਾਈਚਾਰੇ ਵਿੱਚ ਚਿੰਤਾ ਦੀ ਲਹਿਰ ਦੌੜ ਗਈ ਹੈ ਅਤੇ ਸਰਕਾਰ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਸਿੱਖਿਆ ਮੰਤਰੀ ਜੇਸਨ ਕਲੇਅਰ ਅਨੁਸਾਰ ਇਸ 'ਸਿਆਸੀ ਦਖ਼ਲਅੰਦਾਜ਼ੀ' ਕਾਰਨ ਆਸਟਰੇਲੀਅਨ ਨੈਸ਼ਨਲ ਯੂਨੀਵਰਸਿਟੀ, ਯੂਨੀਵਰਸਿਟੀ ਆਫ਼ ਟੈਕਨਾਲੋਜੀ ਸਿਡਨੀ, ਯੂਨੀਵਰਸਿਟੀ ਆਫ਼ ਐੱਨਐੱਸਡਬਲਯੂ, ਲਈ ਅਮਰੀਕੀ ਸਰਕਾਰ ਵੱਲੋਂ ਫੰਡਿੰਗ ਵਿੱਚ ਵੱਡੀ ਕਟੌਤੀ ਕੀਤੀ ਗਈ ਹੈ।

## ਕਠੂਆ 'ਚ ਸੁਰੱਖਿਆ ਬਲਾਂ ਦੇ ਦਹਿਸ਼ਤਗਰਦਾਂ ਵਿਚਾਲੇ ਮੁਕਾਬਲਾ



ਜੰਮੂ ਲੋਕ ਬਾਣੀ- ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਇੱਕ ਨਰਸਰੀ ਨੇੜੇ ਵਿੱਚ ਅੱਜ ਦੇਰ ਸ਼ਾਮ ਸੁਰੱਖਿਆ ਬਲਾਂ ਅਤੇ ਦਹਿਸ਼ਤਗਰਦਾਂ ਵਿਚਾਲੇ ਮੁਕਾਬਲਾ ਸ਼ੁਰੂ ਹੋ ਗਿਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਸ਼ੱਕੀ ਦਹਿਸ਼ਤਗਰਦਾਂ ਦੀ ਮੌਜੂਦਗੀ ਦੀ ਸੂਚਨਾ ਮਿਲਣ ਮਗਰੋਂ ਜੰਮੂ ਕਸ਼ਮੀਰ ਪੁਲੀਸ ਦੇ Special Operations Group ਨੇ ਹੀਰਾਨਗਰ ਸੈਕਟਰ ਵਿੱਚ ਕੌਮਾਂਤਰੀ ਸਰਹੱਦ ਨੇੜੇ ਸਾਨਿਆਲ ਪਿੰਡ ਵਿੱਚ ਤਲਾਸ਼ੀ ਮੁਹਿੰਮ ਚਲਾਈ ਹੋਈ ਸੀ। ਇਸ ਦੌਰਾਨ ਲੁਕੇ ਹੋਏ ਦਹਿਸ਼ਤਗਰਦਾਂ ਨੇ ਪੁਲਸੀ ਟੀਮ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ ਜਿਸ ਵੱਲੋਂ ਜਵਾਬੀ ਕਾਰਵਾਈ ਕਰਨ 'ਤੇ ਮੁਕਾਬਲਾ ਸ਼ੁਰੂ ਹੋ ਗਿਆ।

## ਭਾਰਤ ਨੇ ਚੀਨ ਦੇ ਪੰਜ ਉਤਪਾਦਾਂ 'ਤੇ ਐਂਟੀ-ਡੰਪਿੰਗ ਡਿਊਟੀ ਲਾਈ



ਨਵੀਂ ਦਿੱਲੀ, ਲੋਕ ਬਾਣੀ ਭਾਰਤ ਨੇ ਚੀਨ ਤੋਂ ਦਰਾਮਦ ਕੀਤੇ ਜਾਣ ਵਾਲੇ ਪੰਜ ਉਤਪਾਦਾਂ 'ਤੇ ਐਂਟੀ-ਡੰਪਿੰਗ ਡਿਊਟੀ ਲਾਈ ਹੈ। ਇਹ ਡਿਊਟੀ ਇਸ ਲਈ ਲਾਈ ਗਈ ਹੈ ਕਿਉਂਕਿ ਇਹ ਉਤਪਾਦ ਆਮ ਤੋਂ ਘੱਟ ਕੀਮਤਾਂ 'ਤੇ ਚੀਨ ਤੋਂ ਭਾਰਤ ਦਰਾਮਦ ਕੀਤੇ ਜਾ ਰਹੇ ਸਨ। ਇਨ੍ਹਾਂ ਉਤਪਾਦਾਂ ਵਿੱਚ ਸਾਫਟ ਫੇਰਾਈਟ ਕੋਰ, ਵੈਕਿਊਮ ਇੰਸੂਲੇਟਡ ਫਲਾਸਕ, ਐਲੂਮੀਨੀਅਮ ਫੌਇਲ, ਟ੍ਰਾਈਕਲੋਰੋ ਆਈਸੋਸਾਈਨਿਊਰਿਕ ਐਸਿਡ, ਪੌਲੀ ਵਿਨਾਇਲ ਕਲੋਰਾਈਡ ਪੇਸਟ ਰੇਜ਼ਿਨ ਸ਼ਾਮਲ ਹਨ। ਨੋਟੀਫਿਕੇਸ਼ਨ ਅਨੁਸਾਰ ਸਾਫਟ ਫੇਰਾਈਟ ਕੋਰ, ਵੈਕਿਊਮ ਇੰਸੂਲੇਟਡ ਫਲਾਸਕ ਅਤੇ ਟ੍ਰਾਈਕਲੋਰੋ ਆਈਸੋਸਾਈਨਿਊਰਿਕ ਐਸਿਡ ਦੇ ਬਰਾਮਦ 'ਤੇ ਪੰਜ ਸਾਲ ਲਈ ਡਿਊਟੀ ਲਾਈ ਜਾਵੇਗੀ।

## ਹਿੰਸਾ ਤੋਂ ਛੇ ਦਿਨਾਂ ਮਗਰੋਂ ਨਾਗਪੁਰ ਵਿੱਚ ਪੂਰੀ ਤਰ੍ਹਾਂ ਕਰਫਿਊ ਹਟਾਇਆ



ਨਾਗਪੁਰ, ਲੋਕ ਬਾਣੀ- ਮਹਾਰਾਸ਼ਟਰ ਦੇ ਨਾਗਪੁਰ ਵਿੱਚ ਛੇ ਦਿਨ ਪਹਿਲਾਂ ਹੋਈ ਹਿੰਸਾ ਮਗਰੋਂ ਅੱਜ ਸ਼ਹਿਰ ਦੇ ਬਾਕੀ ਚਾਰ ਇਲਾਕਿਆਂ ਤੋਂ ਕਰਫਿਊ ਹਟਾ ਲਿਆ ਗਿਆ। ਇਹ ਜਾਣਕਾਰੀ ਅਧਿਕਾਰੀਆਂ ਨੇ ਦਿੱਤੀ। ਬੀਤੀ 17 ਮਾਰਚ ਨੂੰ ਹਿੰਸਾ ਮਗਰੋਂ ਕੋਤਵਾਲੀ, ਗਣੇਸ਼ਪੇਠ, ਤਹਿਸੀਲ, ਲੱਕੜਗੰਜ, ਪਚਪਾਓਲੀ, ਸ਼ਾਂਤੀ ਨਗਰ, ਸੱਕਰਦਰਾ, ਨੰਦਨਵਨ, ਇਮਾਮਬਾੜਾ, ਯਸ਼ੋਧਰਾ ਨਗਰ ਅਤੇ ਕਪਿਲ ਨਗਰ ਥਾਣਾ ਖੇਤਰਾਂ ਵਿੱਚ ਕਰਫਿਊ ਲਗਾ ਦਿੱਤਾ ਗਿਆ ਸੀ।

## 12 ਸਾਲ ਪੁਰਾਣੇ ਮਾਣਹਾਨੀ ਕੇਸ 'ਚ ਇਕ ਸਾਲ ਦੀ ਸਜ਼ਾ



ਬਠਿੰਡਾ, ਲੋਕ ਬਾਣੀ -:ਸਥਾਨਕ ਅਦਾਲਤ ਨੇ 12 ਸਾਲ ਪੁਰਾਣੇ ਮਾਣਹਾਨੀ ਦੇ ਮਾਮਲੇ 'ਚ ਆਪਣੇ ਆਪ ਨੂੰ ਹਿਊਮਨ ਰਾਈਟਸ ਕੌਂਸਲ ਦਾ ਮੁਖੀ ਦੱਸਣ ਵਾਲੇ ਮੱਖਣ ਸਿੰਘ ਭਾਈਕਾ ਨੂੰ ਇਕ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ।ਇਸ ਮਾਮਲੇ ਦੀ ਜਾਣਕਾਰੀ ਦਿੰਦਿਆਂ ਐਡਵੋਕੇਟ ਐਨਕੇ ਜੀਤ ਅਤੇ ਐਡਵੋਕੇਟ ਸੁਦੀਪ ਸਿੰਘ ਨੇ ਦੱਸਿਆ ਕਿ ਮੱਖਣ ਸਿੰਘ ਭਾਈਕਾ ਵਲੋਂ ਸਾਲ 2013 ਵਿੱਚ ਆਈਟੀਆਈ ਬਠਿੰਡਾ ਦੇ ਇੰਸਟਰਕਟਰਜ਼ ਅਤੇ ਵਕੀਲ ਰਜਨੀਸ਼ ਕੁਮਾਰ ਰਾਣਾ ਖ਼ਿਲਾਫ਼ ਭੱਦੀ ਭਾਸ਼ਾ ਦੀ ਵਰਤੋਂ ਕਰਦਿਆਂ ਪੁਲੀਸ, ਮਨੁੱਖੀ ਅਧਿਕਾਰ ਕਮਿਸ਼ਨ ਤੇ ਹੋਰ ਅਧਿਕਾਰੀਆਂ ਕੋਲ ਦਰਖਾਸਤਾਂ ਦਿੱਤੀਆਂ ਗਈਆਂ ਸਨ।

## 13 ਮਹੀਨਿਆਂ ਬਾਅਦ ਸਿੰਘੂ ਬਾਰਡਰ ਤੋਂ ਹਟਾਏ ਸਾਰੇ ਬੈਰੀਕੇਡ



ਸੋਨੀਪਤ, (ਲੋਕ ਬਾਣੀ)- ਦਿੱਲੀ ਪੁਲੀਸ ਨੇ ਅੱਜ ਸਿੰਘੂ ਬਾਰਡਰ ਨੇੜੇ ਕੌਮੀ ਸ਼ਾਹਰਾਹ ਨੰਬਰ 44 ਤੋਂ ਸਾਰੇ ਬੈਰੀਕੇਡ ਹਟਾ ਦਿੱਤੇ ਹਨ। ਇਸ ਨਾਲ ਰਾਹਗੀਰਾਂ ਅਤੇ ਇਲਾਕੇ ਵਿਚਲੇ ਉਦਯੋਗਾਂ ਨੂੰ ਵੱਡੀ ਰਾਹਤ ਮਿਲੀ ਹੈ। ਪੰਜਾਬ ਦੇ ਕਿਸਾਨਾਂ ਦੇ ਕੌਮੀ ਰਾਜਧਾਨੀ ਵੱਲ ਮਾਰਚ ਨੂੰ ਰੋਕਣ ਲਈ ਪਿਛਲੇ ਸਾਲ 13 ਫਰਵਰੀ ਨੂੰ ਇਸ ਬਾਰਡਰ 'ਤੇ ਬੈਰੀਕੇਡ ਲਗਾਏ ਗਏ ਸਨ। ਹਾਲਾਂਕਿ, ਦਿੱਲੀ-ਪਾਣੀਪਤ ਲੇਨ 'ਤੇ ਆਵਾਜਾਈ ਪੂਰੀ ਤਰ੍ਹਾਂ ਬਹਾਲ ਹੋ ਚੁੱਕੀ ਹੈ ਪਰ ਪੁਲੀਸ ਵੱਲੋਂ ਅਜੇ ਵੀ ਇਸ ਸੜਕ ਤੋਂ ਮਲਬਾ ਹਟਾਉਣ ਲਈ ਕੰਮ ਕੀਤਾ ਜਾ ਰਿਹਾ ਹੈ।

## ਨਹਿਰ 'ਚੋਂ ਨੌਜਵਾਨ ਦੀ ਲਾਸ਼ ਬਰਾਮਦ



ਬਠਿੰਡਾ, ਲੋਕ ਬਾਣੀ- ਅੱਜ ਸਵੇਰੇ ਲਗਪਗ 7 ਵਜੇ ਬਠਿੰਡਾ-ਸਰਹਿੰਦ ਨਹਿਰ ਵਿੱਚ ਬਹਿਮਣ ਦੀਵਾਨਾ ਪੁਲ ਕੋਲ ਇੱਕ ਨੌਜਵਾਨ ਦੀ ਤੈਰਦੀ ਹੋਈ ਲਾਸ਼ ਮਿਲੀ। ਸੂਚਨਾ ਮਿਲਦਿਆਂ ਹੀ ਸਾਹਾਰਾ ਸੰਸਥਾ ਦੀ ਹੈਲਪਲਾਈਨ ਟੀਮ ਦੇ ਮੈਂਬਰ ਸੰਦੀਪ ਸਿੰਘ ਗਿੱਲ ਅਤੇ ਸੰਦੀਪ ਗੋਇਲ ਤੁਰੰਤ ਮੌਕੇ 'ਤੇ ਪਹੁੰਚੇ। ਟੀਮ ਨੇ ਪੁਲੀਸ ਕੰਟਰੋਲ ਰੂਮ ਅਤੇ ਥਾਣਾ ਕੈਨਾਲ ਪੁਲੀਸ ਨੂੰ ਘਟਨਾ ਦੀ ਜਾਣਕਾਰੀ ਦਿੱਤੀ। ਕੁਝ ਸਮੇਂ ਬਾਅਦ ਪੁਲੀਸ ਮੌਕੇ 'ਤੇ ਪਹੁੰਚੀ ਅਤੇ ਟੀਮ ਦੀ ਮਦਦ ਨਾਲ ਮ੍ਰਿਤਕ ਦੀ ਲਾਸ਼ ਨੂੰ ਨਹਿਰ 'ਚੋਂ ਬਾਹਰ ਕੱਢਿਆ ਗਿਆ। ਜਾਂਚ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਦੀ ਜੇਬ ਵਿੱਚੋਂ ਮਿਲੇ ਆਧਾਰ ਕਾਰਡ ਅਤੇ ਹੋਰ ਦਸਤਾਵੇਜ਼ਾਂ ਦੇ ਅਧਾਰ 'ਤੇ ਨੌਜਵਾਨ ਦੀ ਪਛਾਣ ਸੁਨੀਲ ਕੁਮਾਰ (ਉਮਰ 24 ਸਾਲ), ਪੁੱਤਰ ਰਾਮਚੰਦ, ਨਿਵਾਸੀ ਪਰਸ ਰਾਮ ਨਗਰ, ਗਲੀ ਨੰਬਰ 35 ਵਜੋਂ ਹੋਈ। ਲਾਸ਼ ਨੂੰ ਬਠਿੰਡਾ ਹਸਪਤਾਲ ਦੀ ਮੋਰਚਰੀ 'ਚ ਭੇਜ ਦਿੱਤਾ ਗਿਆ ਹੈ।

## ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਹਵਨ



ਜਲੰਧਰ: ਲੋਕ ਬਾਣੀ- -ਰੇਨਬੋ ਪਬਲਿਕ ਸਕੂਲ ਸੱਤੋਵਾਲੀ ਆਦਮਪੁਰ ਤੇ ਕਿਡਜ਼ੀ ਸਕੂਲ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਤੇ ਸੁਨੀਤਾ ਸ਼ਰਮਾ ਦੀ ਪ੍ਰਧਾਨਗੀ ਵਿੱਚ ਹਵਨ ਯੱਗ ਕਰਵਾ ਕੇ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ। ਪ੍ਰਿੰਸੀਪਲ, ਅਧਿਆਪਕ ਤੇ ਵਿਦਿਆਰਥੀਆਂ ਵਲੋਂ ਹਵਨ ਯੱਗ ਵਿੱਚ ਸਮੱਗਰੀ ਪਾਈ ਗਈ ਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਹਵਨ ਯੱਗ ਦੇ ਬਾਅਦ ਸਕੂਲ ਦੇ ਚੇਅਰਮੈਨ ਅਨਿਲ ਕੁਮਾਰ ਸ਼ਰਮਾ ਤੇ ਸੁਨੀਤਾ ਸ਼ਰਮਾ ਦੁਆਰਾ ਕੰਜਕ ਪੂਜਨ ਕੀਤੀ ਗਈ ਤੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ।






# ਯੁੱਧ ਨਸ਼ਿਆਂ ਵਿਰੁੱਧ : ਭਾਰਗਵ ਕੈਂਪ ’ਚ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੀ ਗੈਰ-ਕਾਨੂੰਨੀ ਉਸਾਰੀ ਢਾਹੀ

ਚੰਡੀਗੜ੍ਹ-(ਲੋਕ ਬਾਣੀ) ‘:: ਨਸ਼ਾ ਤਸਕਰਾਂ ਵੱਲੋਂ ਕੀਤੇ ਗਏ ਗੈਰ-ਕਾਨੂੰਨੀ ਕਬਜ਼ਿਆਂ ਖਿਲਾ.ਫ ਚੱਲ ਰਹੀ ਕਾਰਵਾਈ ਤਹਿਤ ਨਗਰ ਨਿਗਮ ਜਲੰਧਰ ਵੱਲੋਂ ਕਮਿਸ਼ਨਰੇਟ ਪੁਲਿਸ ਜਲੰਧਰ ਨਾਲ ਮਿਲ ਕੇ ਸ਼ੁੱਕਰਵਾਰ ਨੂੰ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ ਇੱਕ ਦੋ ਮੰਜ਼ਿਲਾ ਜਾਇਦਾਦ ਨੂੰ ਢਾਹ ਦਿੱਤਾ ਗਿਆ, ਜੋ ਕਿ ਕਬਜ਼ੇ ਦੇ ਚੱਲਦਿਆਂ ਬਣਾਈ ਜਾ ਰਹੀ ਸੀ।



‘ਯੁੱਧ ਨਸ਼ਿਆਂ ਵਿਰੁਧ’ ਤਹਿਤ ਗੈਰ-ਕਾਨੂੰਨੀ ਕਬਜ਼ਿਆਂ ਨੂੰ ਢਾਹੁਣ ਦੀ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਕਥਿਤ ਤੌਰ ’ਤੇ ਡਰੱਗ ਮਨੀ ਨਾਲ ਸਰਕਾਰੀ ਜ਼ਮੀਨ ਤੇ ਉਸਾਰੇ ਕਬਜ਼ੇ ਵਾਲੇ ਢਾਂਚੇ ਨੂੰ ਭਾਰਗਵ ਕੈਂਪ ਇਲਾਕੇ ਵਿੱਚ ਢਾਹਿਆ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਜਲੰਧਰ ਮੈਡਮ ਧਨਪ੍ਰੀਤ ਕੌਰ ਨੇ ਦੱਸਿਆ ਕਿ ਨਗਰ ਨਿਗਮ ਨੂੰ ਬਦਨਾਮ ਨਸ਼ਾ ਤਸਕਰਾਂ ਵਰਿੰਦਰ ਉਰਫ਼ ਮੌਲਾ, ਜਤਿੰਦਰ ਉਰਫ਼ ਜਿੰਦਰ ਅਤੇ ਰੋਹਿਤ ਕੁਮਾਰ ਉਰਫ਼ ਕਾਕਾ ਤਿੰਨੇ ਭਰਾਵਾਂ ਵੱਲੋਂ ਸਰਕਾਰੀ ਜ਼ਮੀਨ ’ਤੇ ਗੈਰ ਕਾਨੂੰਨੀ ਉਸਾਰੀ ਬਾਰੇ ਜਾਣਕਾਰੀ ਮਿਲੀ ਸੀ। ਇਹ ਤਿੰਨੇ ਭਰਾ ਮੌਜੂਦਾ ਸਮੇਂ ਜੇਲ ਵਿੱਚ ਬੰਦ ਹਨ। ਉਨ੍ਹਾਂ ਕਿਹਾ ਕਿ ਇਹ ਜਾਇਦਾਦ ਕਥਿਤ ਤੌਰ ’ਤੇ ਨਸ਼ਿਆਂ ਦੇ ਨਾਜਾਇਜ਼ ਧੰਦੇ ਤੋਂ ਪ੍ਰਾਪਤ ਪੈਸੇ ਤੋਂ ਬਣਾਈ ਗਈ ਸੀ।

ਨਗਰ ਨਿਗਮ ਅਤੇ ਪੁਲਿਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਕਬਜ਼ੇ ਵਾਲੇ ਢਾਂਚੇ ਨੂੰ ਢਾਹ ਦਿੱਤਾ, ਜਿਸ ਨਾਲ ਇੱਕ ਸਖ਼ਤ ਸੰਦੇਸ਼ ਗਿਆ ਹੈ ਕਿ ਜਲੰਧਰ ਸ਼ਹਿਰ ਵਿੱਚ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਕਿਹਾ ਕਿ ਮੁਲਜ਼ਮ ਆਦਤਨ ਅਪਰਾਧੀ ਹਨ, ਜਿਨ੍ਹਾਂ ਵਿਰੁੱਧ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੇਂਸਿਸ (ਐਨ.ਡੀ.ਪੀ.ਐਸ.) ਐਕਟ, ਐਕਸਾਈਜ਼ ਐਕਟ ਅਤੇ ਹੋਰ ਅਪਰਾਧਿਕ ਧਾਰਾਵਾਂ ਤਹਿਤ ਕੁੱਲ 15 ਮਾਮਲੇ ਦਰਜ ਹਨ। ਇਹ ਕਾਰਵਾਈ ਨਸ਼ਾ ਤਸਕਰਾਂ ਦੇ ਵਿੱਤੀ ਨੈੱਟਵਰਕ ਨੂੰ ਖ਼ਤਮ ਕਰਨ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਣ ਕਦਮ ਹੈ। ਉਨ੍ਹਾਂ ਦੱਸਿਆ ਕਿ ਵਰਿੰਦਰ ਵਿਰੁੱਧ 7 ਮਾਮਲੇ ਦਰਜ ਹਨ, ਜਦਕਿ ਰੋਹਿਤ ਅਤੇ ਜਤਿੰਦਰ ਖਿਲਾ.ਫ ਕ੍ਰਮਵਾਰ 6 ਅਤੇ 2 ਮਾਮਲੇ ਦਰਜ ਹਨ।

‘ਯੁੱਧ ਨਸ਼ਿਆਂ ਵਿਰੁਧ’ ਮੁਹਿੰਮ ਲਗਾਤਾਰ ਤੇਜ਼ੀ ਫੜਦੀ ਜਾ ਰਹੀ ਹੈ ਅਤੇ ਅਧਿਕਾਰੀਆਂ ਨੇ ਨਸ਼ਿਆਂ ਨਾਲ ਸਬੰਧਤ ਅਪਰਾਧਾਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਤਹੱਈਆ ਕੀਤਾ ਹੋਇਆ ਹੈ। ਜ਼ਿਕਰਯੋਗ ਹੈ ਕਿ ਪਹਿਲਾਂ ਵੀ ਅਜਿਹੀਆਂ ਕਾਰਵਾਈਆਂ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਇਸ ਮਹੀਨੇ ਦੇ ਸ਼ੁਰੂ ਵਿੱਚ ਫਿਲੌਰ ਖੇਤਰ ਅਤੇ ਧੰਕੀਆ ਮੁਹੱਲਾ ਵਿੱਚ ਨਸ਼ਾ ਤਸਕਰੀ ਨਾਲ ਜੁੜੇ ਗੈਰ-ਕਾਨੂੰਨੀ ਢਾਂਚਿਆਂ ਨੂੰ ਢਾਹੁਣਾ ਸ਼ਾਮਲ ਹੈ।

ਕਮਿਸ਼ਨਰੇਟ ਪੁਲਿਸ ਨੇ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੀ ਆਪਣੀ ਵਚਨਬੱਧਤਾ ਦਹੁਰਾਉਂਦਿਆਂ ਨਾਗਰਿਕਾਂ ਨੂੰ ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਦੇ ਯਤਨਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।

# ਯੁੱਧ ਨਸ਼ਿਆਂ ਵਿਰੁੱਧ’ 21ਵੇਂ ਦਿਨ ਵੀ ਜਾਰੀ, ਪੰਜਾਬ ਪੁਲਿਸ ਵੱਲੋਂ 493 ਛਾਪੇਮਾਰੀਆਂ ਤੋਂ ਬਾਅਦ 63 ਨਸ਼ਾ ਤਸਕਰ ਗ੍ਰਿਫਤਾਰ, ਐਫਆਈਆਰ ਦਰਜ, 573 ਗ੍ਰਾਮ ਹੈਰੋਇਨ, 10 ਕਿਲੋ..

ਚੰਡੀਗੜ, (ਲੋਕ ਬਾਣੀ) :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਸੂਬੇ ਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਨੂੰ 21ਵੇਂ ਦਿਨ ਵੀ ਜਾਰੀ ਰੱਖਦੇ ਹੋਏ, ਪੰਜਾਬ ਪੁਲਿਸ ਨੇ ਸ਼ੁੱਕਰਵਾਰ ਨੂੰ 493 ਥਾਵਾਂ ‘ਤੇ ਛਾਪੇਮਾਰੀ ਕੀਤੀ ਅਤੇ ਸੂਬੇ ਭਰ ਵਿੱਚ 63 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਉਪਰੰਤ 47 ਐਫਆਈਆਰਜ਼ ਦਰਜ ਕੀਤੀਆਂ। ਇਸ ਨਾਲ, ਮਹਿਜ਼ 21 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 2527 ਹੋ ਗਈ ਹੈ।

ਪੁਲਿਸ ਟੀਮਾਂ ਨੇ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜੇ ਚੋਂ 573 ਗ੍ਰਾਮ ਹੈਰੋਇਨ, 10 ਕਿਲੋ ਅਫੀਮ, 1470 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 4750 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਇਹ ਆਪ੍ਰੇਸ਼ਨ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ‘ਤੇ ਸੂਬੇ ਦੇ ਸਾਰੇ 28 ਪੁਲਿਸ ਜਿਲਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ-ਕਮੇਟੀ ਦਾ ਗਠਨ ਵੀ ਕੀਤਾ ਹੈ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 96 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਮੁਲਾਜਮਾਂ ਦੀ ਨਫ਼ਰੀ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 530 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ।ਉਨਾਂ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ




ਅਤੇ ਅਜਿਹੇ ਆਪ੍ਰੇਸ਼ਨ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਨੂੰ ਜੜੋਂ ਖਤਮ ਕਰਨ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀਐਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ)- ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ ‘ਨਸ਼ਾ ਛੁਡਾਉਣ ’ ਦੇ ਹਿੱਸੇ ਵਜੋਂ ਦੋ ਵਿਅਕਤੀਆਂ ਨੂੰ ਨਸ਼ਾ ਛੁਡਾਉਣ ਅਤੇ ਮੁੜ ਵਸੇਬੇ ਲਈ ਇਲਾਜ ਕਰਵਾਉਣ ਲਈ ਰਾਜੀ ਕੀਤਾ ਹੈ, ਜਦੋਂ ਕਿ ਰੋਕਥਾਮ ਦੇ ਹਿੱਸੇ ਵਜੋਂ ਰਾਜ ਭਰ ਵਿੱਚ 125 ਜਾਗਰੂਕਤਾ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਪੁਲਿਸ ਟੀਮਾਂ ਨੇ ਛੇ ਜਿਲਿਆਂ -ਜਿਨਾਂ ਵਿੱਚ ਕਮਿਸ਼ਨਰੇਟ ਅੰਮ੍ਰਿਤਸਰ, ਗੁਰਦਾਸਪੁਰ, ਬਟਾਲਾ, ਪਠਾਨਕੋਟ, ਅੰਮ੍ਰਿਤਸਰ ਦਿਹਾਤੀ ਅਤੇ ਤਰਨਤਾਰਨ ਸ਼ਾਮਲ ਹਨ, ਵਿੱਚ 170 ਦਵਾਈਆਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਥੇ ਨਸ਼ੀਲੀਆਂ ਗੋਲੀਆਂ ਜਾਂ ਨਸ਼ੇ ਦੀ ਆਦਤ ਪਾਉਣ ਵਾਲੀਆਂ ਕੋਈ ਹੋਰ ਦਵਾਈਆਂ ਤਾਂ ਨਹੀਂ ਵੇਚੀਆਂ ਜਾ ਰਹੀਆਂ ਅਤੇ ਕੀ ਇਨਾਂ ਦੁਕਾਨਾਂ ’ਤੇ ਦਵਾਈਆਂ ਦੀ ਵਿਕਰੀ ਸੰਬੰਧੀ ਨਿਰਧਾਰਤ ਨਿਯਮਾਂ ਦੀ ਸੁਚੱਜੀ ਪਾਲਣਾ ਕੀਤੀ ਜਾ ਰਹੀ ਹੈ।


# ਪਾਣੀਪਤ ਚ JJP ਨੇਤਾ ਦੀ ਗੋਲੀਆਂ ਮਾਰ ਕੇ ਹੱਤਿਆਂ, ਚਚੇਰੇ ਭਰਾ ਸਮੇਤ 2 ਲੋਕਾਂ ਤੇ ਵੀ ਫਾਇਰਿੰਗ



ਪਾਣੀਪਤ- (ਲੋਕ ਬਾਣੀ) ਹਰਿਆਣਾ ਦੇ ਪਾਣੀਪਤ ਵਿੱਚ ਅੱਜ ਸ਼ੁੱਕਰਵਾਰ ਰਾਤ 8.15 ਵਜੇ ਜਨਨਾਇਕ ਜਨਤਾ ਪਾਰਟੀ (ਜੇਜੇਪੀ) ਦੇ ਇੱਕ ਨੇਤਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਗੋਲੀ ਨੇਤਾ ਦੇ ਮੱਥੇ ਤੇ ਜਾ ਲੱਗੀ ਸੀ, ਹਮਲਾਵਰ ਨੇ ਜੇਜੇਪੀ ਨੇਤਾ ਰਵਿੰਦਰ ਮਿੰਨਾ ਦੇ ਨਾਲ ਉਸਦੇ ਚਚੇਰੇ ਭਰਾ ਅਤੇ ਇੱਕ ਹੋਰ ਵਿਅਕਤੀ ਤੇ ਵੀ ਗੋਲੀਬਾਰੀ ਕੀਤੀ। ਦੋਵੇਂ ਜ਼ਖਮੀ ਹਨ, ਜਦਕਿ ਜੇਜੇਪੀ ਨੇਤਾ ਦੀ ਮੌਤ ਹੋ ਗਈ ਹੈ।

ਰਵਿੰਦਰ ਮੂਲ ਰੂਪ ਵਿੱਚ ਪਿੰਡ ਜੱਸੀ ਦਾ ਵਸਨੀਕ ਸੀ। ਉਹ ਸ਼ਹਿਰ ਦੇ ਵਿਕਾਸ ਨਗਰ ਵਿੱਚ ਰਹਿ ਰਿਹਾ ਸੀ। ਮੁਲਜ਼ਮ ਦੀ ਪਛਾਣ ਰਣਬੀਰ ਵਾਸੀ ਪਿੰਡ ਜੱਸੀ ਵਜੋਂ ਹੋਈ ਹੈ। ਹਾਲਾਂਕਿ ਘਟਨਾ ਦੇ ਬਾਅਦ ਤੋਂ ਉਹ ਫਰਾਰ ਹੈ। ਪੁਲਿਸ ਇਸ ਮਾਮਲੇ ਦੀ ਜਾਂਚ ਵਿੱਚ ਜੁਟੀ ਹੋਈ ਹੈ।ਘਟਨਾ ਤੋਂ ਦੋ ਘੰਟੇ ਪਹਿਲਾਂ ਰਵਿੰਦਰ ਨੇ ਸੋਸ਼ਲ ਮੀਡੀਆ (ਫੇਸਬੁੱਕ) ਤੇ ਇਕ ਸਟੋਰੀ ਪਾਈ ਸੀ, ਜਿਸ ਵਿਚ ਉਹ ਆਪਣੇ 7 ਤੋਂ 8 ਦੋਸਤਾਂ ਨਾਲ ਨਜ਼ਰ ਆ ਰਿਹਾ ਹੈ।

# ਜ਼ੀਰਕਪੁਰ ’ਚ ਗੈਂਗਸਟਰ ਲਵੀਸ਼ ਗਰੋਵਰ ਦਾ ਪੁਲਿਸ ਨੇ ਕੀਤਾ ਐਨਕਾਊਂਟਰ



ਚੰਡੀਗੜ੍ਹ, (ਲੋਕ ਬਾਣੀ)ਪੰਜਾਬ ਦੇ ਜ਼ੀਰਕਪੁਰ ਦੇ ਸ਼ਿਵਾ ਇਨਕਲੇਵ ਵਿੱਚ ਲੁਧਿਆਣਾ ਦੇ ਏ-ਕੈਟਾਗਰੀ ਦੇ ਗੈਂਗਸਟਰ ਲਵੀਸ਼ ਗਰੋਵਰ ਦਾ ਪੁਲਿਸ ਨੇ ਐਨਕਾਊਂਟਰ ਕੀਤਾ ਹੈ। ਜ਼ਖਮੀ ਗੈਂਗਸਟਰ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਐਸਪੀ ਦਿਹਾਤੀ ਮਨਪ੍ਰੀਤ ਸਿੰਘ ਅਨੁਸਾਰ ਲਵੀਸ਼ ਲੁਧਿਆਣਾ ਦਾ ਵਸਨੀਕ ਹੈ ਅਤੇ ਜ਼ੀਰਕਪੁਰ ਵਿੱਚ ਕਿਰਾਏ ਦੇ ਫਲੈਟ ਵਿੱਚ ਰਹਿ ਰਿਹਾ ਸੀ।

ਦੱਸ ਦਈਏ ਕਿ ਪੰਜਾਬ ਦਾ ਨਾਮੀ ਗੈਂਗਸਟਰ ਲਵੀਸ਼ ਗਰੋਵਰ ਜਿਸ ’ਤੇ ਪਹਿਲਾਂ ਤੋਂ ਹੀ ਦਸ ਦੇ ਕਰੀਬ ਹੀਨੀਅਸ ਕ੍ਰਾਈਮ ਦੇ ਮੁਕਦਮੇ ਦਰਜ ਹਨ ਜਿਨ੍ਹਾਂ ’ਚ ਕਤਲ ਇਰਾਦਾ ਕਤਲ ਅਤੇ ਹੋਰ ਵੀ ਕਈ ਗੰਭੀਰ ਅਪਰਾਧ ਦੇ ਮਾਮਲੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ ਉਹ ਮੋਹਾਲੀ ਦੇ ਜ਼ੀਰਕਪੁਰ ਇਲਾਕੇ ਵਿੱਚ ਕੋਈ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਘੁੰਮ ਰਿਹਾ ਸੀ। ਜਿਸ ਦੀ ਸੂਚਨਾ ਮੋਹਾਲੀ ਪੁਲਿਸ ਨੂੰ ਲੱਗੀ ਸੀ।

ਸੂਚਨਾ ਮਿਲਣ ਮਗਰੋਂ ਪੁਲਿਸ ਵੱਲੋਂ ਸਿਵਾ ਇਨਕਲੇਵ ਸਥਿਤ ਉਸ ਦੀ ਰਿਹਾਇਸ਼ ’ਤੇ ਦਬਿਸ਼ ਦਿੱਤੀ ਜਿਸ ’ਤੇ ਲਵਿਸ ਗਰੋਵਰ ਵੱਲੋਂ ਪੁਲਿਸ ਪਾਰਟੀ ਦੇ ਉੱਪਰ ਤਿੰਨ ਦੇ ਕਰੀਬ ਫਾਇਰ ਕੀਤੇ ਗਏ ਜਵਾਬੀ ਕਾਰਵਾਈ ਵਿੱਚ ਲਵੀਸ਼ ਗਰੋਵਰ ਦੇ ਲੱਤ ਵਿੱਚ ਪੁਲਿਸ ਨੇ ਗੋਲੀਆਂ ਮਾਰੀਆਂ। ਜਿਸ ਤੋਂ ਬਾਅਦ ਆਰੋਪੀ ਨੂੰ ਡੇਰਾਬੱਸੀ ਸਰਕਾਰੀ ਹਸਪਤਾਲ ਵਿੱਚ ਇਲਾਜ ਲਈ ਲੈ ਕੇ ਜਾਂਦਾ ਗਿਆ।

ਇਸ ਘਟਨਾ ਦੌਰਾਨ ਆਰੋਪੀ ਕੋਲੋਂ ਤਿੰਨ ਸਫੈਸਟੀਕੇਟਡ ਵੈਪਨ ਵੀ ਬਰਾਮਦ ਹੋਏ ਹਨ ਜਿਨਾਂ ਵਿੱਚ ਸਟਾਰ 30 ਜੋ ਕਿ ਭਾਰਤ ਵਿੱਚ ਬੈਨ ਹੈ, ਇੱਕ ਗਲੋਗ ਪਿਸਟਲ ਅਤੇ ਇੱਕ ਰਾਈਫਲ ਬਰਾਮਦ ਹੋਈ ਹੈ।

# ਪਟਿਆਲਾ ਚ ਕਰਨਲ ਤੇ ਹੋਏ ਹਮਲੇ ਦੇ ਵਿਰੋਧ ਚ ਸਾਬਕਾ ਫੌਜੀ ਅਫਸਰਾਂ ਦਾ ਪ੍ਰਦਰਸ਼ਨ, 329 ਤੋਂ ਮਾਮਲੇ ਦੀ ਨਿਰਪੱਖ ਜਾਂਚ ਦੀ ਕੀਤੀ ਮੰਗ



ਪਟਿਆਲਾ- (ਲੋਕ ਬਾਣੀ) ਪੰਜਾਬ ਦੇ ਪਟਿਆਲਾ ਚ ਫੌਜ ਦੇ ਕਰਨਲ ਪੁਸ਼ਪਿੰਦਰ ਸਿੰਘ ਬਾਠ ਅਤੇ ਉਨ੍ਹਾਂ ਦੇ ਬੇਟੇ ਤੇ ਪੁਲਿਸ ਮੁਲਾਜ਼ਮਾਂ ਵੱਲੋਂ ਕੀਤੀ ਕੁੱਟਮਾਰ ਦਾ ਮਾਮਲਾ ਲਗਾਤਾਰ ਜ਼ੋਰ ਫੜਦਾ ਜਾ ਰਿਹਾ ਹੈ। ਸਾਬਕਾ ਸੈਨਿਕਾਂ ਨੇ ਇਸ ਘਟਨਾ ਦੇ ਖਿਲਾਫ ਸ਼ਨੀਵਾਰ ਨੂੰ ਪਟਿਆਲਾ ਦੇ ਡਿਪਟੀ ਕਮਿਸ਼ਨਰ (ਡੀ. ਸੀ.) ਦਫਤਰ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਪੁਲੀਸ ਮੁਲਾਜ਼ਮਾਂ ਨੇ ਪਹਿਲਾਂ ਕਰਨਲ ਅਤੇ ਉਸ ਦੇ ਪੁੱਤਰ ਦੀ ਕੁੱਟਮਾਰ ਕੀਤੀ ਅਤੇ ਫਿਰ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਅਤੇ ਕਰਨਲ ਬਾਠ ਦੀ ਪਤਨੀ ਨੇ ਸੀਬੀਆਈ ਤੋਂ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ।

ਪੁਲਿਸ ਅਤੇ ਫੌਜ ਦੇ ਕਰਨਲ ਵਿਚਕਾਰ ਇਹ ਝਗੜਾ ਪਟਿਆਲਾ ਦੇ ਇੱਕ ਢਾਬੇ ਤੋਂ ਸ਼ੁਰੂ ਹੋਇਆ ਸੀ। ਦੋਸ਼ ਹੈ ਕਿ ਕਰਨਲ ਪੁਸ਼ਪਿੰਦਰ ਸਿੰਘ ਬਾਠ ਅਤੇ ਉਸ ਦੇ ਪੁੱਤਰ ਦਾ ਕਾਰ ਪਾਰਕਿੰਗ ਨੂੰ ਲੈ ਕੇ 12 ਪੁਲਸ ਮੁਲਾਜ਼ਮਾਂ ਨਾਲ ਝਗੜਾ ਹੋਇਆ ਸੀ। ਕਰਨਲ ਦੇ ਪਰਿਵਾਰ ਦਾ ਕਹਿਣਾ ਹੈ ਕਿ ਪੁਲਿਸ ਵਾਲਿਆਂ ਨੇ ਉਨ੍ਹਾਂ ਨਾਲ ਦੁਰਵਿਵਹਾਰ ਕੀਤਾ ਅਤੇ ਉਨਾਂ ਦੇ ਪੁੱਤਰ ਨੂੰ ਬੁਰੀ ਤਰ੍ਹਾਂ ਕੁੱਟਿਆ।ਕਰਨਲ ਦੀ ਪਤਨੀ ਜਸਵਿੰਦਰ ਕੌਰ ਬਾਠ ਨੇ ਦੱਸਿਆ ਕਿ ਜਦੋਂ ਉਸ ਨੇ ਇਸ ਮਾਮਲੇ ਵਿੱਚ ਸ਼ਿਕਾਇਤ ਦਰਜ ਕਰਵਾਉਣ ਦੀ ਕੋਸ਼ਿਸ਼ ਕੀਤੀ ਤਾਂ ਪੁਲੀਸ ਅਧਿਕਾਰੀਆਂ ਨੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਅਤੇ ਝੂਠੀ ਐਫ.ਆਈ.ਆਰ. ਦਰਜ ਕੀਤੀ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਰਨਲ ਪੁਸ਼ਪਿੰਦਰ ਸਿੰਘ ਬਾਠ ਦੀ ਪਤਨੀ ਨੇ ਕਿਹਾ ਕਿ ਪੁਲੀਸ ਨੇ ਇਸ ਮਾਮਲੇ ਨੂੰ ਸ਼ੁਰੂ ਤੋਂ ਹੀ ਦਬਾਉਣ ਦੀ ਕੋਸ਼ਿਸ਼ ਕੀਤੀ ਹੈ। ਇਹ ਕੋਈ ਸਿਆਸੀ ਮਾਮਲਾ ਨਹੀਂ ਹੈ। ਇਹ ਦੋ ਤਾਕਤਾਂ ਵਿਚਕਾਰ ਦਾ ਮਾਮਲਾ ਹੈ। ਪੂਰਾ ਪੰਜਾਬ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਨੂੰ ਕਿਸੇ ਇਕ ਪਾਰਟੀ ਨਾਲ ਨਹੀਂ ਜੋੜਨਾ ਚਾਹੀਦਾ। ਉਨ੍ਹਾਂ ਸਿਆਸੀ ਪਾਰਟੀਆਂ ਨੂੰ ਇਸ ਤੋਂ ਦੂਰ ਰਹਿਣ ਲਈ ਕਿਹਾ। ਜਿਸ ਤਰ੍ਹਾਂ ਪੰਜਾਬ ਦੇ ਲੋਕ ਉਨ੍ਹਾਂ ਦੇ ਨਾਲ ਖੜ੍ਹੇ ਹਨ, ਜੇਕਰ ਕਿਸੇ ਨੂੰ ਲੋੜ

# ਪੰਜਾਬ ਦੇ 5 ਜ਼ਿਲ੍ਹਿਆਂ ਵਿੱਚ ਤਾਪਮਾਨ 30 ਡਿਗਰੀ ਤੋਂ ਪਾਰ, ਅੱਜ ਮੌਸਮ ਵਿੱਚ ਨਹੀਂ ਹੋਵੇਗਾ ਬਹੁਤਾ ਬਦਲਾਅ




ਚੰਡੀਗੜ੍ਹ- (ਲੋਕ ਬਾਣੀ) ਪੰਜਾਬ ਵਿੱਚ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਦੇਖਿਆ ਗਿਆ, ਹਾਲਾਂਕਿ ਇਹ ਆਮ ਨਾਲੋਂ 2.9 ਡਿਗਰੀ ਸੈਲਸੀਅਸ ਵੱਧ ਸੀ। ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਤਾਪਮਾਨ ਵਿੱਚ ਮਾਮੂਲੀ ਵਾਧਾ ਹੋਇਆ, ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 32.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਗਿਆਨ ਕੇਂਦਰ ਅਨੁਸਾਰ ਅੱਜ ਵੀ ਪੰਜਾਬ ਦੇ ਤਾਪਮਾਨ ਵਿੱਚ ਬਹੁਤਾ ਬਦਲਾਅ ਨਹੀਂ ਹੋਵੇਗਾ, ਪਰ ਇਸ ਤੋਂ ਬਾਅਦ ਸੂਬੇ ਦੇ ਔਸਤ ਤਾਪਮਾਨ ਵਿੱਚ 4 ਡਿਗਰੀ ਦਾ ਵਾਧਾ ਹੋ ਸਕਦਾ ਹੈ, ਜਿਸ ਕਾਰਨ ਗਰਮੀ ਦਾ ਪ੍ਰਭਾਵ ਵਧ ਸਕਦਾ ਹੈ।

ਮੌਸਮ ਵਿਗਿਆਨ ਕੇਂਦਰ ਦਾ ਕਹਿਣਾ ਹੈ ਕਿ ਪੱਛਮੀ ਗੜਬੜੀ ਅਗਲੇ ਇੱਕ ਹਫ਼ਤੇ ਤੱਕ ਪੰਜਾਬ ਵਿੱਚ ਸਰਗਰਮ ਨਹੀਂ ਰਹੇਗੀ ਅਤੇ ਨਾ ਹੀ ਤਾਪਮਾਨ ਵਿੱਚ ਬਹੁਤਾ ਵਾਧਾ ਹੋਵੇਗਾ। ਅਸਮਾਨ ਸਾਫ਼, ਧੁੱਪਦਾਰ ਅਤੇ ਮੌਸਮ ਆਮ ਰਹੇਗਾ, ਪਰ ਇਸ ਨਾਲ ਤਾਪਮਾਨ 4 ਡਿਗਰੀ ਤੱਕ ਵਧ ਸਕਦਾ ਹੈ, ਜਿਸ ਨਾਲ ਗਰਮੀ ਦੀ ਭਾਵਨਾ ਵਧੇਗੀ। ਇਸ ਸਮੇਂ ਦੌਰਾਨ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ, ਅਤੇ ਮੌਸਮ ਪੂਰੀ ਤਰ੍ਹਾਂ ਖੁਸ਼ਕ ਰਹੇਗਾ।

# 1971 ਦੀ ਆਬਾਦੀ ਨੂੰ ਆਧਾਰ ਮੰਨਿਆ ਜਾਵੇ ਤੇ ਕੌਮੀ ਆਬਾਦੀ ਚ ਹੋਏ ਵਾਧੇ ਦੇ ਆਧਾਰ ’ਤੇ ਵਾਧੂ ਲੋਕ ਸਭਾ ਸੀਟਾਂ ਅਲਾਟ ਕੀਤੀਆਂ ਜਾਣ: ਅਕਾਲੀ.

ਚੇਨਈ/ਚੰਡੀਗੜ੍ਹ, (ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੰਗ ਕੀਤੀ ਕਿ 1971 ਦੀ ਆਬਾਦੀ ਨੂੰ ਆਧਾਰ ਮੰਨਿਆ ਜਾਵੇ ਅਤੇ ਕੌਮੀ ਆਬਾਦੀ ਵਿਚ ਹੋਏ ਵਾਧੇ ਦੇ ਆਧਾਰ ’ਤੇ ਸਾਰੇ ਰਾਜਾਂ ਦੀਆਂ ਲੋਕ ਸਭਾ ਸੀਟਾਂ ਵਿਚ ਵਾਧਾ ਕੀਤਾ ਜਾਵੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜਿਹਨਾਂ ਰਾਜਾਂ ਨੇ ਆਬਾਦੀ ਕੰਟਰੋਲ ਕਰਨ ਦੇ ਪ੍ਰੋਗਰਾਮ ਅਪਣਾਏ ਉਹਨਾਂ ਦਾ ਨੁਕਸਾਨ ਨਾ ਹੋਵੇ।

ਤਾਮਿਲਨਾਡੂ ਦੇ ਮੁੱਖ ਮੰਤਰੀ ਐਮ ਕੇ ਸਟਾਲਿਨ ਵੱਲੋਂ ਚੇਨਈ ਵਿਚ ਸੰਘੀ ਢਾਂਚੇ ਤੇ ਹੱਦਬੰਦੀ ਬਾਰੇ ਕਰਵਾਈ ਕਰਨਵੈਨਸ਼ਨ ਵਿਚ ਬੋਲਦਿਆਂ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਸਰਦਾਰ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਸੰਸਦ ਦੇ ਉਪਰਲੇ ਸਦਨ ਰਾਜ ਸਭਾ ਵਿਚ ਸਾਰੇ ਰਾਜਾਂ ਨੂੰ ਬਰਾਬਰ ਦੀਆਂ ਸੀਟਾਂ ਮਿਲਣੀਆਂ ਚਾਹੀਦੀਆਂ ਹਨ।

ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ, ਜਿਹਨਾਂ ਦੇ ਨਾਲ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਵੀ ਕਾਨਫਰੰਸ ਵਿਚ ਸ਼ਾਮਲ ਸਨ, ਨੇ ਕਿਹਾ ਕਿ ਹੱਦਬੰਦੀ ਦੀ ਪ੍ਰਕਿਰਿਆ ਦੌਰਾਨ ਉਹਨਾਂ ਰਾਜਾਂ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ ਜਿਹਨਾਂ ਨੇ ਜਨਸੰਖਿਆ ਕੰਟਰੋਲ ਪ੍ਰੋਗਰਾਮ ਕੌਮੀ ਆਬਾਦੀ ਨੀਤੀ ਮੁਤਾਬਕ ਸਫਲਤਾਪੂਰਵਕ ਅਪਣਾਏ। ਉਹਨਾਂ ਕਿਹਾ ਕਿ ਇਹਨਾਂ ਰਾਜਾਂ ਨੂੰ ਸਜ਼ਾਵਾਂ ਦੇਣ ਦੀ ਥਾਂ ਇਹਨਾਂ ਨੂੰ ਸਨਮਾਨ ਮਿਲਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਦੱਖਣੀ ਰਾਜਾਂ ਵਾਂਗੂ ਪੰਜਾਬ ਨੇ ਵੀ ਜਨਸੰਖਿਆ ਕੰਟਰੋਲ ਪ੍ਰੋਗਰਾਮ ਸਫਲਤਾ ਪੂਰਵਕ ਅਪਣਾਇਆ ਹੈ ਤੇ ਇਸਦੀ ਆਬਾਦੀ ਹੁਣ ਘੱਟ ਹੈ ਤੇ ਇਸਦਾ ਇਸਨੂੰ ਨੁਕਸਾਨ ਨਹੀਂ ਹੋਣਾ ਚਾਹੀਦਾ।

ਬਲਵਿੰਦਰ ਸਿੰਘ ਭੂੰਦੜ ਨੇ ਸ੍ਰੀ ਆਨੰਦਪੁਰ ਸਾਹਿਬ ਮਤੇ ਦਾ ਵੀ ਜ਼ਿਕਰ ਕੀਤਾ ਜਿਸਦੀ 1978 ਵਿਚ ਲੁਧਿਆਣਾ ਵਿਚ ਅਕਾਲੀ ਕਾਨਫਰੰਸ ਵਿਚ ਪ੍ਰੋੜਤਾ ਕੀਤੀ ਗਈ। ਉਹਨਾਂ ਕਿਹਾ ਕਿ ਮਤੇ ਵਿਚ ਸਹੀ ਅਰਥਾਂ ਵਿਚ ਸੰਘੀ ਸਿਧਾਂਤਾਂ ਮੁਤਾਬਕ ਕੇਂਦਰ-ਰਾਜ ਸੰਬੰਧਾਂ ਨੂੰ ਨਵੇਂ ਸਿਰੇ ਤੋਂ ਪ੍ਰੀਭਾਸ਼ਤ ਕਰਨ ਦੀ ਗੱਲ ਕੀਤੀ ਗਈ। ਉਹਨਾਂ ਕਿਹਾ ਕਿ ਐਮਰਜੰਸੀ ਵੇਲੇ ਵੱਧ ਤੋਂ ਵੱਧ ਕੇਂਦਰੀਕਰਨ ਹੋਇਆ ਜਦੋਂ ਸੰਵਿਧਾਨਕ ਹੱਕਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਤੇ ਅਕਾਲੀ ਦਲ ਨੇ ਹਮੇਸ਼ਾ ਵਿਕੇਂਦਰੀਕਰਨ ਦੀ ਵਕਾਲਤ ਕੀਤੀ। ਉਹਨਾਂ ਕਿਹਾ ਕਿ ਸੰਵਿਧਾਨਕ ਢਾਂਚੇ ਦੀ ਪੁਨਰਸਿਰਜਣਾ ਹੋਣੀ ਚਾਹੀਦੀ ਹੈ ਤਾਂ ਜੋ ਅਸਲ ਸੰਘੀ ਸਿਧਾਂਤਾਂ ਦਾ ਝਲਕਾਰਾ ਮਿਲ ਸਕੇ ਜਿਹਨਾਂ ਰਾਹੀਂ ਭਾਰਤ ਦੀ ਏਕਤਾ ਦੀ ਰਾਖੀ ਹੋ ਸਕੇ ਅਤੇ ਰਾਜਾਂ ਦਾ ਵਧੇਰੇ ਖੇਤਰੀ ਵਿਕਾਸ ਹੋ ਸਕੇ।




ਭੂੰਦੜ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕੌਮੀ ਕਮਿਸ਼ਨ ਨੂੰ ਦਿੱਤੀ ਆਪਣੀ ਤਜਵੀਜ਼ ਵਿਚ ਇਹ ਵੀ ਕਿਹਾ ਸੀ ਕਿ ਰਾਜਪਾਲਾਂ ਦੀ ਭੂਮਿਕਾ ਵਿਚ ਸੁਧਾਰ ਕੀਤਾ ਜਾਵੇ ਤਾਂ ਜੋ ਇਹ ਸੰਘੀ ਢਾਂਚੇ ਦੇ ਮੁਤਾਬਕ ਕੰਮ ਕਰ ਸਕਣ, ਧਾਰਾ 356 ਰੱਦ ਕੀਤੀ ਜਾਵੇ ਜਿਸ ਰਾਹੀਂ ਕੇਂਦਰ ਸਰਕਾਰ ਰਾਜਾਂ ਸਰਕਾਰਾਂ ਨੂੰ ਭੰਗ ਕਰਨ ਦਾ ਅਧਿਕਾਰ ਰੱਖਦਾ ਹੈ ਅਤੇ ਰਾਜਾਂ ਨੂੰ ਆਪਣੀਆਂ ਸਥਾਨਕ ਲੋੜਾਂ ਤੇ ਤਰਜੀਹਾਂ ਮੁਤਾਬਕ ਆਪਣੀਆਂ ਯੋਜਨਾਵਾਂ ਬਣਾਉਣ ਦੀ ਆਗਿਆ ਦਿੱਤੀ ਜਾਵੇ।

ਭਾਸ਼ਾਈ ਮੁੱਦਿਆਂ ਦੀ ਗੱਲ ਕਰਦਿਆਂ ਭੂੰਦੜ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਤੋਂ ਇਹ ਮੰਨਦਾ ਰਿਹਾ ਹੈ ਕਿ ਕੇਂਦਰ ਸਰਕਾਰ ਨੂੰ ਕਿਸੇ ਵੀ ਰਾਜ ’ਤੇ ਕਿਸੇ ਵੀ ਭਾਸ਼ਾ ਨੂੰ ਥੋਪਣਾ ਨਹੀਂ ਚਾਹੀਦਾ ਅਤੇ ਰਾਜਾਂ ਨੂੰ ਇਹ ਖੁਦਮੁਖ਼ਤਿਆਰੀ ਹੋਣੀ ਚਾਹੀਦੀ ਹੈ ਕਿ ਉਹ ਆਪਣੇ ਵਿਦਿਅਕ ਅਦਾਰਿਆਂ ਵਿਚ ਕਿਸ ਭਾਸ਼ਾ ਵਿਚ ਪੜ੍ਹਾਉਣਾ ਹੈ, ਇਸਦੀ ਚੋਣ ਖੁਦ ਕਰ ਸਕਣ। ਉਹਨਾਂ ਕਿਹਾ ਕਿ ਇਸੇ ਤਰੀਕੇ ਸਕੂਲਾਂ ਅਤੇ ਕਾਲਜਾਂ ਵਿਚ ਪੜ੍ਹਾਉਣ ਦਾ ਮਾਧਿਅਮ ਹਰ ਰਾਜ ਵੱਲੋਂ ਖੁਦ ਚੁਣਿਆ ਜਾਣਾ ਚਾਹੀਦਾ ਹੈ।

# ਮੋਹਾਲੀ ਚ ਫੂਡ ਸੇਫਟੀ ਵਿਭਾਗ ਵੱਲੋਂ ਛਾਪੇਮਾਰੀ, ਟੀਮ ਨੇ ਰੈਸਟੋਰੈਂਟਸ ਚ ਸਾਫ਼ ਸਫ਼ਾਈ ਅਤੇ ਖਾਣ ਪੀਣ ਦੀਆਂ ਚੀਜ਼ਾਂ ਦਾ ਲਿਆ ਜਾਇਜ਼ਾ



(ਲੋਕ ਬਾਣੀ) ਮੋਹਾਲੀ ਜ਼ਿਲੇ ਦੇ ਵੱਖ ਵੱਖ ਇਲਾਕਿਆਂ ਚ ਫੂਡ ਸੇਫਟੀ ਵਿਭਾਗ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ ਜਿਸਦੇ ਚੱਲਦੇ ਅੱਜ ਜ਼ੀਰਕਪੁਰ ਦੇ ਵੀਆਈਪੀ ਰੋਡ ਤੇ ਕੇਸਰੀ ਪਲਾਜ਼ਾ ਦੇ ਫੂਡ ਮਾਰਕਿੱਟ ਚ ਫੂਡ ਸੇਫਟੀ ਵਿਭਾਗ ਵੱਲੋਂ ਰੇਡ ਕੀਤੀ ਗਈ।

ਇਸ ਮੌਕੇ ਤੇ ਡਿਸਟ੍ਰਿਕਟ ਹੈਲਥ ਅਫ਼ਸਰ ਡਾਕਟਰ ਅਮਿਤ ਵੜਿੰਗ ਦੀ ਅਗਵਾਈ ਵਾਲੀ ਟੀਮ ਨੇ ਪੂਰੇ ਪਲਾਜ਼ਾ ਚ ਮੌਜੂਦ ਰੈਸਟੋਰੈਂਟਸ ਦੀ ਸਾਫ਼ ਸਫ਼ਾਈ ਅਤੇ ਖਾਣ ਪੀਣ ਦੀਆਂ ਚੀਜ਼ਾਂ ਦੀ ਐਕਸਪਾਇਰੀ ਅਤੇ ਰੱਖ ਰਖਾਵ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਤੇ ਚਲਾਨ ਕੱਟੇ ਗਏ ਅਤੇ ਕਰਸੂਰਵਾਰਾਂ ਤੇ ਬਣਦੀ ਕਾਰਵਾਈ ਵੀ ਕੀਤੀ ਗਈ

# ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਫਗਵਾੜਾ ਵਿਖੇ ਫੈਸ਼ਨ ਸ਼ੋਅ ਫੈਜ਼ਾਨ-ਏ-ਨਜ਼ਰ ਦਾ ਆਯੋਜਨ



ਫਗਵਾੜਾ- (ਸੁਸ਼ੀਲ ਸ਼ਰਮਾ ) ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਸੁਯੋਗ ਅਗਵਾਈ ਹੇਠ 22 ਮਾਰਚ, 2025 ਨੂੰ ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੁਆਰਾ ਫੈਸ਼ਨ ਸ਼ੋਅ ਫੈਜ਼ਾਨ-ਏ-ਨਜ਼ਰ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਪ੍ਰਸਿੱਧ ਫੈਸ਼ਨ ਡਿਜ਼ਾਈਨਰ ਮੈਡਮ ਨਿਧੀ ਸਰਦਾਨਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਵਿਦਿਆਰਥੀਆਂ ਨੇ ਮਾਡਲਾਂ ਲਈ ਆਪਣੇ ਡਿਜ਼ਾਈਨਰ ਪਹਿਰਾਵੇ ਦਾ ਪ੍ਰਦਰਸ਼ਨ ਕਰਕੇ ਆਪਣੀ ਸਿਰਜਣਾਤਮਕਤਾ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਜਿਨ੍ਹਾਂ ਨੇ ਆਪਣੇ ਸੁੰਦਰ ਪ੍ਰਦਰਸ਼ਨ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਪ੍ਰੋਗਰਾਮ ਦਾ ਇੱਕ ਵਿਸ਼ੇਸ਼ ਆਕਰਸ਼ਣ ਫੈਕਲਟੀ ਮੈਂਬਰਾਂ ਦਾ ਮਾਡਲਿੰਗ ਰਾਊਂਡ ਸੀ।

ਪ੍ਰਦਰਸ਼ਨੀਆਂ ਦਾ ਮੁਲਾਂਕਣ ਸੈਣੀ ਬੁਟੀਕ ਦੀ ਮੈਡਮ ਸਰਬਜੀਤ ਅਤੇ ਦਰਜ ਬੁਟੀਕ ਦੀ ਮੈਡਮ ਦਲਜੀਤ ਕੌਰ ਦੁਆਰਾ ਕੀਤਾ ਗਿਆ।

ਮਾਡਲਾਂ ਵਿੱਚੋਂ, ਡਿਪਲੋਮਾ ਇਨ ਨੈਨੀ ਕੇਅਰ ਸਮੈਸਟਰ ਦੂਜਾ ਦੀ ਵਿਦਿਆਰਥਣ ਓਮਿਕਾ ਕੌਸ਼ਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਬੀ.ਐਸ.ਸੀ ਮੈਡੀਕਲ ਸਮੈਸਟਰ ਛੇਵੇਂ ਦੀ ਸੁਕਿਰਤੀ ਸ਼ਰਮਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਬੀ.ਏ ਸਮੈਸਟਰ ਛੇਵੇਂ ਦੀ ਮੁਸਕਾਨ ਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਡਿਜ਼ਾਈਨਰ ਰਾਊਂਡ ਵਿੱਚ, ਐਮ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਸਮੈਸਟਰ ਦੂਜੇ ਦੀ ਵਿਦਿਆਰਥਣ ਅਮਨਦੀਪ ਸੁਮਨ ਨੇ ਬਲੈਕ ਪਰੇਡ ਰਾਊਂਡ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਬੀ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਸਮੈਸਟਰ ਛੇਵੇਂ ਦੀ ਨਮਿਸ਼ਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕਰਟ ਫਿਊਜ਼ਨ ਰਾਊਂਡ, ਬੀ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਸਮੈਸਟਰ ਚੌਥਾ ਦੀ ਜਸ਼ਨਦੀਪ ਕੌਰ ਅਤੇ ਜੰਨਤ ਨੇ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਗਾਊਨ ਗਲੈਮਰ ਰਾਊਂਡ ਵਿੱਚ, ਜਸਦੀਪ ਅਤੇ ਨਮੀਸ਼ਾ (ਦੋਵੇਂ ਬੀ.ਐਸ.ਸੀ. ਐਫ. ਡੀ. ਸਮੈਸਟਰ ਛੇਵਾਂ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ। ਲਹਿੰਗਾ ਲਾਊਂਜ ਰਾਊਂਡ ਵਿੱਚ, ਪਲਕ ਅਤੇ ਹਨੀਸ਼ਾ (ਦੋਵੇਂ ਬੀ.ਐਸ.ਸੀ. ਐਫ.ਡੀ. ਛੇਵਾਂ ਸਮੈਸਟਰ) ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ। ਡੈਨਿਮ ਫਿਊਜ਼ਨ ਰਾਊਂਡ ਵਿੱਚ, ਅਨਾਮਿਕਾ ਸ਼ਰਮਾ ਅਤੇ ਜੀਵਨ ਜੋਤੀ (ਦੋਵੇਂ ਐਮ.ਐਸ.ਸੀ. ਐਫ. ਡੀ. ਦੂਜਾ ਸਮੈਸਟਰ) ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ। ਕਿਡਜ਼ ਵੇਅਰ - ਮਿੰਨੀ ਦੇ ਫੈਸ਼ਨ ਰਾਊਂਡ ਵਿੱਚ, ਕਵਿਤਾ (ਐਮ.ਐਸ.ਸੀ. ਐਫ ਡੀ ਸਮੈਸਟਰ ਚੌਥਾ ਅਤੇ ਜੀਵਨ ਜੋਤੀ (ਐਮ.ਐਸ.ਸੀ. ਐਫ ਡੀ ਸਮੈਸਟਰ ਦੂਜਾ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਮੈਡਮ ਨਿਧੀ ਸਰਦਾਨਾ ਨੇ ਵਿਭਾਗ ਅਤੇ ਵਿਦਿਆਰਥੀਆਂ ਦੇ ਸਮਰਪਣ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਇਸ ਸਮਾਗਮ ਨੂੰ ਸਫ਼ਲਤਾਪੂਰਵਕ ਆਯੋਜਿਤ ਕਰਨ ਲਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣੇ ਸਰਵਪੱਖੀ ਵਿਕਾਸ ਲਈ ਅਜਿਹੇ ਸਮਾਗਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।

# ਨਗਰ ਨਿਗਮ ਲਾਇਸੈਂਸ ਬ੍ਰਾਂਚ ਨੇ ਵੱਖ-ਵੱਖ ਥਾਵਾਂ ਤੇ 9 ਦੁਕਾਨਾਂ ਕੀਤੀਆਂ ਸੀਲ




ਫਗਵਾੜਾ, ਕਪੂਰਥਲਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਨੇ ਵੱਖ-ਵੱਖ ਥਾਵਾਂ ਤੇ ਲਾਇਸੈਂਸ ਫੀਸ ਜਮ੍ਹਾਂ ਨਾ ਕਰਾਉਣ ਵਾਲੇ ਕਾਰੋਬਾਰੀ ਅਦਾਰਿਆਂ ਦੀਆਂ 9 ਦੁਕਾਨਾਂ ਸੀਲ ਕੀਤੀਆਂ। ਇਹ ਕਾਰਵਾਈ ਲਾਇਸੈਂਸ ਬ੍ਰਾਂਚ ਨੇ ਸੰਯੁਕਤ ਕਮਿਸ਼ਨਰ ਸੁਮਨਦੀਪ ਕੌਰ ਦੇ ਨਿਰਦੇਸ਼ਾਂ ਤੇ ਸੁਪਰਡੈਂਟ ਮਮਤਾ ਸੇਠ ਨੇ ਕੀਤੀ।ਨਗਰ ਨਿਗਮ ਵੱਲੋਂ ਜਾਰੀ ਇਕ ਪ੍ਰੈੱਸ ਨੋਟ ਅਨੁਸਾਰ ਉਕਤ ਸੀਲਿੰਗ ਅੱਡਾ ਹੁਸ਼ਿਆਰਪੁਰ ਚੌਂਕ, ਕਪੂਰਥਲਾ ਰੋਡ, ਬਸਤੀ ਪੀਰਦਾਦ ਤੇ ਗਰੇਵਰ ਕਾਲੋਨੀ ਵਿਖੇ ਕੀਤੀ ਗਈ, ਜਿਥੇ ਬਿਨਾਂ ਲਾਇਸੈਂਸ ਫੀਸ ਦੇ ਦੁਕਾਨਦਾਰਾਂ ਵੱਲੋਂ ਦੁਕਾਨਾਂ ਚਲਾਈਆਂ ਜਾ ਰਹੀਆਂ ਸਨ। ਇਸ ਸਬੰਧੀ ਸਹਾਇਕ ਕਮਿਸ਼ਨਰ ਵਿਕਰਾਂਤ ਵਰਮਾ ਨੇ ਕਾਰੋਬਾਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਲਾਇਸੈਂਸ ਫੀਸ ਜਮ੍ਹਾਂ ਕਰਾ ਕੇ ਸੀਲਿੰਗ ਤੋਂ ਆਪਣਾ ਬਚਾਅ ਕਰਨ।

# ਕਪੂਰਥਲਾ ਦੇ ਪਿੰਡ ਬਲੇਰਖਨਪੁਰ ਦੀ ਅਮਨੀਤ ਕੌਰ ਕੈਨੇਡਾ ਚ ਬਣੀ ਬੈਰਿਸਟਰ




ਫਗਵਾੜਾ,ਕਪੂਰਥਲਾ (ਸੁਸ਼ੀਲ ਸ਼ਰਮਾ) ਕਪੂਰਥਲਾ ਦੇ ਨਜਦੀਕੀ ਪਿੰਡ ਬਲੇਰ ਖਾਨਪੁਰ ਦੇ ਪਰਿਵਾਰ ਦੀ ਨੂੰਹ ਅਮਨੀਤ ਕੌਰ ਪਤਨੀ ਈਸ਼ਾਨਪ੍ਰੀਤ ਸਿੰਘ ਕਨੇਡਾ ਨਿਵਾਸੀ ਨੇ ਆਪਣੇ ਪੇਕੇ ਪਰਿਵਾਰ ਵਿੱਚ ਰਹਿ ਕੇ ਬੀ.ਏ. ਤੋਂ ਲਾਅ (ਹੋਨੇਸ) ਦੀ ਡਿਗਰੀ ਯੂਨੀਵਰਸਿਟੀ ਇੰਸਟੀਚੂਟ ਆਫ ਲੀਗਲ ਸਟੱਡੀਜ਼ ਪੰਜਾਬ ਯੂਨੀਵਰਸਿਟੀ ਚੰਡੀਗੜ ਡਿਪਾਰਟਮੈਂਟ ਆਫ ਲਾਅ ਪੰਜਾਬ ਯੂਨੀਵਰਸਿਟੀ ਪੋਸਟ ਗਰੈਜੂਏਟ ਡਿਪਲੋਮਾਂ ਇਨ ਇਨਟੈਕਚੁਅਲ ਪਰੋਪਰਟੀ ਰਾਈਟਸ ਫਰੋਮ ਤੋਂ ਕਰਨ ਉਪਰੰਤ ਕੁਝ ਸਮਾਂ ਜਿਲਾ ਕੋਰਟ ਸੰਗਰੂਰ ਵਿਖੇ ਵਕਾਲਤ ਦੀ ਪਰੈਕਟਿਸ ਕੀਤੀ।ਕਨੇਡਾ ਵਿੱਚ ਲਾਅ ਦੀ ਪੜਾਈ ਨੂੰ ਸਹੁਰਾ ਪਰਿਵਾਰ ਵੱਲੋਂ ਬਾਖੂਬੀ ਜਾਰੀ ਰੱਖਿਆ। ਇਹ ਪੜਾਈ ਕਰਨ ਉਪਰੰਤ ਟਰਾਂਟੋ ਅਨਟਾਰੀਓ ਕਨੇਡਾ ਵਿਖੇ ਬੈਰਿਸਟਰ ਅਤੇ ਸੋਲੀਸਿਟਰ ਬਣੀ। ਈਸ਼ਾਨਪ੍ਰੀਤ ਸਿੰਘ ਨੇ ਆਪਣੇ ਪਿਤਾ ਸੋਹਣ ਸਿੰਘ ਸੇਵਾ ਮੁਕਤ ਕਮਾਂਡੈਂਟ ਅਤੇ ਉਨਾਂ ਦੀ ਪਤਨੀ ਸਵਿੰਦਰ ਕੌਰ ਨਾਲ ਉਨਾਂ ਦੇ ਸਹੁੰ ਚੁੱਕ ਸਮਾਗਮ ਦੀਆਂ ਫੋਟੋ ਸਾਂਝੀਆਂ ਕੀਤੀਆਂ। ਸਾਰੇ ਪਰਿਵਾਰ ਅਤੇ ਬਲੇਰ ਖ਼ਾਨਪੁਰ ਨਿਵਾਸੀਆਂ ਚ ਖੁਸ਼ੀ ਦੀ ਲਹਿਰ ਹੈ। ਜਿਸ ਪ੍ਰਾਪਤੀ ਲਈ ਗੁਰਦੁਆਰਾ ਟਾਹਲੀ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਲੀਡਰ ਸਿੰਘ, ਗੁਰਮੀਤ ਸਿੰਘ, ਵੈਦ ਬਿਕਰਮਜੀਤ ਸਿੰਘ, ਜਸਵੀਰ ਸਿੰਘ ਟੋਹਰ, ਗੁਰਚਰਨ ਸਿੰਘ ਨੰਬਰਦਾਰ, ਸਤਵਿੰਦਰ ਸਿੰਘ ਵਿਰਦੀ ਆਦਿ ਵੱਲੋਂ ਵੀ ਵਧਾਈਆਂ ਭੇਜੀਆਂ ਗਈਆਂ ਹਨ।

# ਪੰਜਾਬ ਐਗਰੀਕਲਚਰਲ ਯੂਨੀਵਰਸਿਟੀ,ਲੁਧਿਆਣਾ ਵਿਖੇ ਕਿਸਾਨ ਮੇਲੇ ਚ ਜ਼ਿਲ੍ਹਾ ਸੰਗਰੂਰ ਦੇ ਤਿੰਨ ਕਿਸਾਨਾਂ ਨੂੰ ਪੁਰਸਕਾਰਾਂ ਨਾਲ ਕੀਤਾ ਸਨਮਾਨਿਤ



ਸੰਗਰੂਰ, (ਜਗਸੀਰ ਲੌਂਗੋਵਾਲ)- ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਆਯੋਜਿਤ ਕੀਤੇ ਗਏ ਦੋ-ਰੋਜ਼ਾ ਕਿਸਾਨ ਮੇਲੇ ਦੌਰਾਨ ਸੰਗਰੂਰ ਜ਼ਿਲ੍ਹੇ ਦੇ ਤਿੰਨ ਕਿਸਾਨਾਂ ਜੋ ਕਿ ਕ੍ਰਿਸ਼ੀ ਵਿਗਿਆਨ ਕੇਂਦਰ, ਖੇੜੀ, ਸੰਗਰੂਰ ਨਾਲ ਜੁੜੇ ਹੋਏ ਹਨ ਨੂੰ ਖੇਤੀਬਾੜੀ ਦੇ ਵੱਖ-ਵੱਖ ਖੇਤਰਾਂ ਵਿੱਚ ਸਲਾਘਾਯੋਗ ਕੰਮ ਕਰਨ ਲਈ ਰਾਜ ਪੱਧਰੀ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ ਹੈ । ਇਸ ਬਾਰੇ ਜਾਣਕਾਰੀ ਦਿੰਦਿਆਂ ਡਾ ਮਨਦੀਪ ਸਿੰਘ, ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ), ਕ੍ਰਿਸ਼ੀ ਵਿਗਿਆਨ ਕੇਂਦਰ, ਖੇੜੀ, ਸੰਗਰੂਰ ਨੇ ਦੱਸਿਆ ਕਿ ਸੰਗਰੂਰ ਜ਼ਿਲੇ ਦੇ ਬਲਾਕ ਲਹਿਰਾਗਾਗਾ ਦੇ ਪਿੰਡ ਰਾਏਧਰਾਣਾ ਦੇ 38 ਸਾਲਾ ਨੌਜਵਾਨ ਕਿਸਾਨ ਅਮਨਿੰਦਰ ਸਿੰਘ ਮਨੀ ਨੂੰ ਬਾਗਬਾਨੀ ਅਤੇ ਸਬਜ਼ੀਆਂ ਦੀਆਂ ਪਨੀਰੀਆਂ ਤਿਆਰ ਕਰਨ ਵਿੱਚ ਵਿਸ਼ੇਸ਼ ਨਾਮਣਾ ਖੱਟਣ ਸਦਕਾ ਮੁੱਖ ਮੰਤਰੀ ਬਾਗਬਾਨੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਬਾਰਵੀਂ ਜਮਾਤ ਤੱਕ ਵਿਦਿਆ ਹਾਸਲ ਕਰਨ ਵਾਲਾ ਇਹ ਕਿਸਾਨ ਖੇਤੀ ਨੂੰ ਵਿਗਿਆਨਿਕ ਲੀਹਾਂ ਉੱਤੇ ਤੋਰਦੇ ਹੋਏ ਵੱਖ-ਵੱਖ ਸਬਜ਼ੀਆਂ ਅਤੇ ਫੁੱਲਾਂ ਦੀਆਂ ਪਨੀਰੀਆਂ ਤਿਆਰ ਕਰਦਾ ਹੈ। ਇਸ ਤੋਂ ਇਲਾਵਾ ਇਸ ਕਿਸਾਨ ਨੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਤੋਂ ਸਿਖਲਾਈ ਪ੍ਰਾਪਤ ਕਰਕੇ ਖੁੰਬਾਂ ਦੀ ਕਾਸ਼ਤ ਵੀ ਸ਼ੁਰੂ ਕਰ ਦਿੱਤੀ ਹੈ। ਸਾਰੀਆਂ ਹੀ ਪਨੀਰੀਆਂ ਦੀ ਵਿਕਰੀ ਉਹ ਆਪਣੇ ਫਾਰਮ 77 ਤੋਂ ਹੀ ਕਰਦਾ ਹੈ। ਡਾ. ਮਨਦੀਪ ਸਿੰਘ ਨੇ ਦੱਸਿਆ ਕਿ ਇਹਨਾਂ ਤਿੰਨਾਂ ਕਿਸਾਨਾਂ ਨੂੰ ਡਾ. ਗੁਰਦੇਵ ਸਿੰਘ ਖੁਸ਼, ਅੰਤਰਰਾਸ਼ਟਰੀ ਝੋਨਾ ਵਿਗਿਆਨੀ ਅਤੇ ਡਾ ਸਤਿਬੀਰ ਸਿੰਘ ਗੋਸਲ, ਵਾਈਸ ਚਾਂਸਲਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਪੁਰਸਕਾਰ ਪ੍ਰਦਾਨ ਕੀਤੇ ਗਏ। ਇਸੇ ਤਰ੍ਹਾਂ ਸੰਗਰੂਰ ਜ਼ਿਲੇ ਦੇ ਧੂਰੀ ਬਲਾਕ ਦੇ ਪਿੰਡ ਮਾਨਾ ਦੀ ਰਹਿਣ ਵਾਲੀ ਕਿਸਾਨ ਬੀਬੀ ਹਰਪ੍ਰੀਤ ਕੌਰ ਜੋ ਕਿ ਫਾਰਮੇਸੀ ਦੇ ਖੇਤਰ ਵਿੱਚ ਵਿਦਿਆ ਪ੍ਰਾਪਤ ਹੈ ਨੇ ਸਾਲ 2021 ਵਿੱਚ ਤਿੰਨ ਏਕੜ ਰਕਬੇ ਤੋਂ ਜੈਵਿਕ ਖੇਤੀ ਆਰੰਭ ਕੀਤੀ ਸੀ। ਹੁਣ 6 ਏਕੜ ਵਿੱਚ ਜੈਵਿਕ ਖੇਤੀ ਕਰਦਿਆਂ ਜੈਵਿਕ ਤਰੀਕੇ ਨਾਲ ਤਿਆਰ ਉਤਪਾਦਾਂ ਦੀ ਪ੍ਰੋਸੈਸਿੰਗ ਕਰਨ ਤੋਂ ਬਾਅਦ ਪੈਕਿੰਗ ਅਤੇ ਲੇਬਲਿੰਗ ਕਰਕੇ ਆਪਣੇ ਘਰ ਤਿਆਰ ਕਿੱਤੇ ਉਤਪਾਦਾਂ ਦਾ ਪਹਿਲ ਮੰਡੀ ਰਾਹੀਂ ਸਿੱਧਾ ਮੰਡੀਕਰਨ ਕਰ ਰਹੀ ਹੈ। ਵਾਤਾਵਰਨ ਅਤੇ ਮਨੁੱਖੀ ਸਿਹਤ ਦੀ ਸਾਂਭ-ਸੰਭਾਲ ਦੇ ਉਦੇਸ਼ ਨੂੰ ਲੈ ਕੇ ਜੈਵਿਕ ਖੇਤੀ ਅਪਣਾਉਣ ਵਾਲੀ ਹਰਪ੍ਰੀਤ ਕੌਰ ਨੂੰ ਸੀ.ਆਰ.ਆਈ ਪੰਪਜ ਜੈਵਿਕ ਖੇਤੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਸੰਗਰੂਰ ਜ਼ਿਲ੍ਹੇ ਵਿੱਚ ਖੁੰਬਾਂ ਦੀ ਕਾਸ਼ਤ ਨੂੰ ਵੱਡੇ ਪੱਧਰ ਤੇ ਕਰ ਰਹੇ ਸ. ਬਲਜੀਤ ਸਿੰਘ, ਪਿੰਡ ਕਾਕੜਾ, ਬਲਾਕ ਭਵਾਨੀਗੜ੍ਹ ਨੇ ਸੋਲਨ ਖੁੰਬ ਖੋਜ ਸੰਸਥਾਨ ਤੋਂ ਖੁੰਬ ਉਤਪਾਦਨ ਦੀ ਸਿਖਲਾਈ ਲੈ ਕੇ ਖੁੰਬਾਂ ਦੀ ਕਾਸ਼ਤ ਸ਼ੁਰੂ ਕੀਤੀ ਸੀ। ਪਿਛਲੇ ਕਈ ਸਾਲਾਂ ਤੋਂ ਬਾਂਸਾਂ ਅਤੇ ਪਰਾਲੀ ਤੋਂ ਬਣਾਏ 26 ਸੈੱਡਾਂ ਅਤੇ 4 ਏਸੀ ਯੂਨਿਟਾਂ ਵਿੱਚ ਖੁੰਬਾਂ ਦੀ ਕਾਸ਼ਤ ਕਰ ਰਹੇ ਅਗਾਂਹਵਧੂ ਕਿਸਾਨ ਨੂੰ ਵੱਖ-ਵੱਖ ਸੰਸਥਾਵਾਂ ਤੋਂ ਅਨੇਕਾਂ ਸਨਮਾਨ ਮਿਲ ਚੁੱਕੇ ਹਨ। ਖੁੰਬ ਉਤਪਾਦਨ ਦੇ ਨਾਲ ਨਾਲ ਉਸ ਨੇ ਕੰਪੋਸਟ ਦੇ 4 ਯੂਨਿਟ ਵੀ ਲਗਾਏ ਹੋਏ ਹਨ। ਉਹ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਨਾਲ ਲਗਾਤਾਰ ਸੰਪਰਕ ਵਿੱਚ ਰਹਿੰਦੇ ਹਨ। ਇਸ ਉਦਮੀ ਕਿਸਾਨ ਨੂੰ ਸਰਦਾਰਨੀ ਪ੍ਰਕਾਸ਼ ਕੌਰ ਸਰਾ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਡਾ ਮਨਦੀਪ ਸਿੰਘ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੀ ਸਮੁੱਚੀ ਟੀਮ ਵਲੋਂ ਇਹਨਾਂ ਤਿੰਨੋਂ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੋਰ ਕਿਸਾਨਾਂ ਨੂੰ ਵੀ ਇਹਨਾਂ ਤੋਂ ਸੇਧ ਲੈ ਕੇ ਸਹਾਇਕ ਧੰਦੇ ਅਪਣਾਉਣੇ ਚਾਹੀਦੇ ਹਨ। ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਹਰ ਸਾਲ ਲਗਾਤਾਰ ਖੇਤੀਬਾੜੀ ਨਾਲ ਸਬੰਧਤ ਸਹਾਇਕ ਧੰਦਿਆਂ ਦੀਆਂ ਸਿਖਲਾਈਆਂ ਆਯੋਜਿਤ ਕੀਤੀਆਂ ਜਾਂਦੀਆਂ ਹਨ। ਜਿਹਨਾਂ ਵਿੱਚ ਭਾਗ ਲੈ ਕੇ ਕਿਸਾਨ ਵੀਰ ਅਤੇ ਬੀਬੀਆਂ ਆਪਣੇ ਲਈ ਰੋਜ਼ਗਾਰ ਅਤੇ ਆਮਦਨ ਕਮਾਉਣ ਦੇ ਵਸੀਲੇ ਪੈਦਾ ਕਰ ਸਕਦੇ ਹਨ।

# ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਵੱਲ ਵੱਧ ਰਹੀ ਪੰਜਾਬ ਸਰਕਾਰ - ਜੋਗਿੰਦਰ ਸਿੰਘ ਮਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਪੰਜਾਬ ਸਰਕਾਰ ਵਲੋਂ ਸ਼ਹੀਦੇ-ਏ-ਆਜਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਅੱਜ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਕਰਵਾਏ ਰਾਜ ਪੱਧਰੀ ਸਮਾਗਮ 'ਚ ਸ਼ਾਮਲ ਹੋਣ ਲਈ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ 10 ਬੱਸਾਂ ਦੇ ਵੱਡੇ ਕਾਫਿਲੇ ਦੇ ਨਾਲ ਰਵਾਨਾ ਹੋਏ। ਉਹਨਾਂ ਨੇ ਜੱਥੇ ਨੂੰ ਰਵਾਨਾ ਕਰਦਿਆਂ ਸ਼ਹੀਦਾਂ ਨੂੰ ਪ੍ਰਣਾਮ ਕੀਤਾ ਅਤੇ ਕਿਹਾ ਕਿ ਪੰਜਾਬ ਦੇ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਭਾਰਤ ਦੀ ਆਜਾਦੀ ਦੇ ਟੀਚੇ ਨੂੰ ਹਾਸਲ ਕਰਨ ਲਈ ਪੰਜਾਬ ਨੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ। ਸ਼ਹੀਦ ਭਗਤ ਸਿੰਘ, ਊਧਮ ਸਿੰਘ, ਕਰਤਾਰ ਸਿੰਘ ਸਰਾਭਾ, ਲਾਲਾ ਲਾਜਪਤ ਰਾਏ ਅਤੇ ਮਦਨ ਲਾਲ ਢੀਂਗਰਾ ਵਰਗੇ ਮਹਾਨ ਸੂਰਵੀਰ ਯੋਧੇ ਪੰਜਾਬ ਦੀ ਮਿੱਟੀ ਵਿਚ ਪੈਦਾ ਹੋਏ। ਜਿਹਨਾਂ ਦੀਆਂ ਸ਼ਹਾਦਤਾਂ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਵੇਗਾ। ਉਹਨਾਂ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਅੰਬੇਡਕਰ ਦੇ ਪਾਏ ਪੂਰਨਿਆ ਤੇ ਚੱਲਦੇ ਹੋਏ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਨਾਉਣ ਲਈ ਸਿਰਤੋੜ ਯਤਨ ਕਰ ਰਹੀ ਹੈ। ਪਿਛਲੇ ਤਿੰਨ ਸਾਲ ਦੇ ਮੁਖ ਮੰਤਰੀ ਭਗਵੰਤ ਮਾਨ ਸਰਕਾਰ ਦੇ ਰਾਜ ਵਿਚ ਪੰਜਾਬ ਦਾ ਜੋ ਵਿਕਾਸ ਹੋਇਆ ਹੈ, ਉਸਦੀ ਮਿਸਾਲ ਪਿਛਲੇ 75 ਸਾਲ ਦੇ ਆਜਾਦ ਭਾਰਤ ਦੇ ਇਤਿਹਾਸ ਵਿਚ ਨਹੀਂ ਮਿਲਦੀ। ਇਸ ਮੌਕੇ ਉਹਨਾਂ ਦੇ ਨਾਲ ਸ਼ਹਿਰ ਦੇ ਮੇਅਰ ਰਾਮ ਪਾਲ ਉੱਪਲ, ਵਿੱਕੀ ਸੂਦ ਡਿਪਟੀ ਮੇਅਰ, ਸੀਨੀਅਰ ਆਗੂ ਹਰਮੇਸ਼ ਪਾਠਕ, ਜਸਦੇਵ ਪ੍ਰਿੰਸ ਕੌਂਸਲਰ, ਫੌਜੀ ਸ਼ੇਰਗਿਲ, ਹਰਮੇਸ਼ ਲਾਲ, ਵਿਪਨ ਕੁਮਾਰ, ਜਿੰਦਰ ਸਿੰਘ, ਮਦਨ ਲਾਲ, ਮਨਜੀਤ ਕੌਰ, ਸਮਰ ਗੁਪਤਾ, ਨਰੇਸ਼ ਸ਼ਰਮਾ, ਰਜੇਸ਼ ਕੌਲਸਰ, ਕਸ਼ਮੀਰ ਖਲਵਾੜਾ, ਆਗਿਆ ਪਾਲ ਸਰਪੰਚ, ਮਨਜੀਤ ਸਿੰਘ, ਲਵਪ੍ਰੀਤ ਅਠੋਲੀ, ਪਰਸ਼ੋਤਮ ਵਾਹਿਦ ਸਮੇਤ ਵੱਡੀ ਗਿਣਤੀ ਵਿਚ ਹਲਕੇ ਦੇ ਆਪ ਵਰਕਰ ਤੇ ਸਮਰੱਥਕ ਹਾਜਰ ਸਨ।

# ਮਾਡਲ ਟਾਊਨ ਵੈੱਲਫੇਅਰ ਸੁਸਾਇਟੀ ਦਾ ਵਫ਼ਦ ਐਸ. ਪੀ.ਹੈੱਡਕੁਆਟਰ ਨੂੰ ਮਿਲਿਆ



ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਮਾਡਲ ਟਾਊਨ ਵੈਲਫੇਅਰ ਸੁਸਾਇਟੀ (ਰਜਿ:) ਕਪੂਰਥਲਾ ਦਾ ਇਕ ਵਫ਼ਦ ਗੁਰਪ੍ਰੀਤ ਸਿੰਘ ਐਸ.ਪੀ.ਹੈੱਡਕੁਆਰਟਰ ਨੂੰ ਮਿਲਿਆ ਅਤੇ ਮਾਡਲ ਟਾਊਨ ਵਿਚ ਨਿੱਤ ਦਿਨ ਲੁੱਟ ਖੋਹ,ਚੋਰੀ ਅਤੇ ਕਾਤਲਾਨਾ ਹਮਲਿਆਂ ਸਬੰਧੀ ਡਿਟੇਲ ਵਿਚ ਜਾਣੂ ਕਰਵਾਇਆ ਗਿਆ।ਇਸ ਮੌਕੇ ਐਸ.ਪੀ.ਹੈੱਡਕੁਆਟਰ ਨੇ ਵਫ਼ਦ ਨੂੰ ਬਹੁਤ ਹੀ ਧਿਆਨ ਨਾਲ ਸੁਣਿਆ ਅਤੇ ਤੁਰੰਤ ਮੌਕੇ ਤੇ ਹੇਠਲੇ ਸੰਯੁਕਤ ਅਫ਼ਸਰਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਮਾਡਲ ਟਾਊਨ ਵਿਚ ਪੀ.ਸੀ.ਆਰ.ਦੀ ਗਸ਼ਤ ਦਿਨ/ਰਾਤ ਸਮੇਂ ਵੀ ਕੀਤੀ ਜਾਵੇ ਅਤੇ ਮਾੜੇ ਅਨਸਰਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਸੁਸਾਇਟੀ ਦੇ ਵਫ਼ਦ ਨੂੰ ਵਿਸਵਾਸ਼ ਦੁਆਇਆ ਕਿ ਗਲਤ ਅਨਸਰਾਂ ਤੇ ਛੇਤੀ ਨਕੇਲ ਪਾ ਦਿੱਤੀ ਜਾਵੇਗੀ।ਇਸ ਮੌਕੇ ਇੰਜੀ: ਛੱਜਾ ਸਿੰਘ ਨੇ ਮਾਡਲ ਟਾਊਨ ਦੀਆਂ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਐਸ.ਪੀ. ਹੈੱਡਕੁਆਟਰ ਗੁਰਪ੍ਰੀਤ ਸਿੰਘ ਨੂੰ ਜਾਣੂੰ ਕਰਵਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਜ:ਛੱਜਾ ਸਿੰਘ ਸਾਬਕਾ ਕੌਂਸਲਰ ਤੇ ਸੀਨੀਅਰ ਅਕਾਲੀ ਆਗੂ ਤੋਂ ਇਲਾਵਾ ਮੱਸਾ ਸਿੰਘ ਮੁੱਖ ਸਲਾਹਕਾਰ, ਜਸਪਾਲ ਸਿੰਘ ਚੱਢਾ ਪ੍ਰਧਾਨ, ਮੱਖਣ ਲਾਲ ਅਟਵਾਲ ਜਨਰਲ ਸਕੱਤਰ,ਇੰਜ:ਰਤਨ ਸਿੰਘ,ਜਸਵੰਤ ਸਿੰਘ ਪੱਡਾ,ਭਗਵਾਨ ਦਾਸ ਗੁਲਾਟੀ,ਮਾਸਟਰ ਗੁਰਦੀਪ ਸਿੰਘ, ਵਿਨੋਦ ਕਪੂਰ, ਗੋਬਿੰਦਰ ਸਿੰਘ,ਰਾਜ ਕੁਮਾਰ,ਕਰਨੈਲ ਸਿੰਘ ਘੱਗ,ਜੇ.ਕੇ.ਸ਼ਾਹੀ,ਮੁਕੇਸ਼ ਜੋਸ਼ੀ,ਬਲਵਿੰਦਰ ਸਿੰਘ ਰੰਧਾਵਾ ਆਦਿ ਹਾਜ਼ਰ ਸਨ

# ਦੁੱਗਲ ਜਠੇਰੇ ਹਦੀਆਬਾਦ ਵਲੋਂ ਆਯੋਜਿਤ ਦੂਸਰੀ ਪ੍ਰਭਾਤ ਫੇਰੀ ਦਾ ਫੁੱਲਾਂ ਦੀ ਵਰਖਾ ਨਾਲ ਹੋਇਆ ਸਵਾਗਤ



ਫਗਵਾੜਾ, (ਸੁਸ਼ੀਲ ਸ਼ਰਮਾ) ਜਠੇਰੇ ਦੁੱਗਲਾਂ ਵੈਲਫੇਅਰ ਸੁਸਾਇਟੀ (ਰਜਿ.) ਹਦੀਆਬਾਦ ਫਗਵਾੜਾ ਵੱਲੋਂ 28 ਮਾਰਚ ਦਿਨ ਸ਼ੁੱਕਰਵਾਰ ਨੂੰ ਆਯੋਜਿਤ ਕੀਤੇ ਜਾ ਰਹੇ ਸਾਲਾਨਾ ਪਿਤਰ ਪੂਜਨ ਸਮਾਗਮ ਦੇ ਸਬੰਧ ਵਿਚ ਅੱਜ ਦੂਜੀ ਪ੍ਰਭਾਤ ਫੇਰੀ ਕੱਢੀ ਗਈ। ਜੋ ਕਿ ਦੁੱਗਲਾਂ ਜਠੇਰੇ ਹਦੀਆਬਾਦ ਤੋਂ ਸ਼ੁਰੂ ਹੋ ਕੇ ਮੰਗਤ ਰਾਮ ਦੁੱਗਲ ਦੇ ਨਿਵਾਸ ਸਥਾਨ 'ਤੇ ਪਹੁੰਚੀ। ਜਿੱਥੇ ਪ੍ਰਭਾਤ ਫੇਰੀ ਦਾ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸੰਗਤ ਨੇ ਭਜਨਾਂ ਰਾਹੀਂ ਪੁਰਖਿਆਂ ਦੀ ਮਹਿਮਾ ਦਾ ਗੁਣਗਾਨ ਕੀਤਾ। ਪ੍ਰਭਾਤ ਫੇਰੀ ਦੀ ਸਮਾਪਤੀ ਸਮੇਂ ਪ੍ਰਸ਼ਾਦ ਵੰਡਿਆ ਗਿਆ। ਸੁਸਾਇਟੀ ਦੇ ਪ੍ਰਧਾਨ ਜੈ ਦੇਵ ਦੁੱਗਲ ਨੇ ਦੱਸਿਆ ਕਿ ਪ੍ਰਭਾਤ ਫੇਰੀਆਂ 26 ਮਾਰਚ ਤੱਕ ਜਾਰੀ ਰਹਿਣਗੀਆਂ। ਜਿਸ ਤੋਂ ਬਾਅਦ ਵੀਰਵਾਰ, 27 ਮਾਰਚ ਨੂੰ ਸਵੇਰੇ 8.30 ਵਜੇ, ਸ਼੍ਰੀ ਰਾਮਾਇਣ ਜੀ ਨੂੰ ਸ਼੍ਰੀ ਸ਼ੰਕਰਨਾਥ ਪਰਬਤ ਮੱਠ ਤੋਂ ਮੰਗਲ ਯਾਤਰਾ ਦੇ ਰੂਪ ਵਿਚ ਜਠੇਰੇ ਦੁੱਗਲਾਂ ਲਿਆਂਦਾ ਜਾਵੇਗਾ। ਇਸ ਤੋਂ ਬਾਅਦ ਬ੍ਰਹਮਲੀਨ ਸ਼੍ਰੀ ਸਵਾਮੀ ਗੰਗਾ ਨੰਦ ਪਰਬਤ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ, ਬ੍ਰਹਮਾਚਾਰੀ ਦੀਪ ਚੈਤੰਨਿਆ ਜੀ ਮਹਾਰਾਜ ਹਦੀਆਬਾਦ ਦੁਆਰਾ ਝੰਡਾ ਲਹਿਰਾਉਣ ਦੀ ਰਸਮ ਅਤੇ ਸ਼੍ਰੀ ਰਾਮਚਰਿਤਮਾਨਸ ਦਾ ਨਿਰੰਤਰ ਪਾਠ ਸ਼ੁਰੂ ਕੀਤਾ ਜਾਵੇਗਾ। ਸ਼ੁੱਕਰਵਾਰ, 28 ਮਾਰਚ ਨੂੰ ਸਵੇ ਹਵਨ ਯੱਗ ਤੋਂ ਬਾਅਦ, ਸ਼੍ਰੀ ਰਾਮਾਇਣ ਪਾਠ ਦਾ ਭੋਗ ਅਤੇ ਤੇ ਪ੍ਰਵਚਨ, ਪਿਤਰ ਪੂਜਨ, ਭਜਨ ਕੀਰਤਨ ਅਤੇ ਭੰਡਾਰੇ ਦਾ ਪ੍ਰੋਗਰਾਮ ਹੋਵੇਗਾ। ਉਨ੍ਹਾਂ ਸਮੂਹ ਦੁੱਗਲ ਅਤੇ ਭਾਰਦਵਾਜ ਭਾਈਚਾਰੇ ਨੂੰ ਪ੍ਰਭਾਤ ਫੇਰੀਆਂ ਅਤੇ ਧਾਰਮਿਕ ਸਮਾਗਮ 'ਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰਨ ਦੀ ਪੁਰਜ਼ੋਰ ਅਪੀਲ ਕੀਤੀ। ਇਸ ਮੌਕੇ ਕਮਲ ਦੁੱਗਲ, ਗਿਨੀਸ਼ ਦੁੱਗਲ, ਵਿਪਨ ਭਾਰਦਵਾਜ, ਸੁਮਨ ਦੁੱਗਲ, ਪੁਸ਼ਪਾ ਭਾਰਦਵਾਜ, ਨੀਲਮ ਸਰੋਜ, ਸੌਰਵ ਦੁੱਗਲ, ਬ੍ਰਿਜ ਕੁਮਾਰ, ਸੰਜੇ ਦੁੱਗਲ, ਰਣਵੀਰ ਦੁੱਗਲ, ਵੈਭਵ ਦੁੱਗਲ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਦੀਨਾਨਗਰ ਚ ਫੋਨਹੱਬ ਅਤੇ ਮਸਲ ਮੈਨਸ਼ਨ ਜਿੱਮ ਵੱਲੋ ਖ਼ੂਨ ਦਾਨ ਕੈਂਪ ਦਾ ਆਯੋਜਨ




ਦੀਨਾਨਗਰ (ਡਾ. ਰਮੇਸ਼ ਸਰੰਗਲ ) ਫੋਨ ਹੱਬ ਅਤੇ ਮਸਲ ਮੈਨਸ਼ਨ ਜਿੰਮ ਦੀਨਾਨਗਰ ਵੱਲੋਂ ਬਲੱਡ ਡੋਨਰ ਸੋਸਾਇਟੀ ਦੀ ਸਹਾਇਤਾ ਨਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਡੀਐਸਪੀ ਲਵਕੇਸ਼ ਸੈਣੀ ਅਤੇ ਐਸ ਐਚ ਓ ਅਮ੍ਰਿਤਪਾਲ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਤੇ ਪ੍ਰਨਵ ਮਹਾਜਨ, ਅਭਿਸ਼ੇਕ ਮਹਾਜਨ, ਅਭਿਸ਼ੇਕ, ਸਮਰਿਧ ਮਹਾਜਨ ਗੁਰੂ ਕਿਰਪਾ ਕੰਪਿਊਟਰ ਗੁਰਦਾਸਪੁਰ, ਅਰਵਿੰਦ ਮਹਾਜਨ, ਕਮਲ ਕਿਸ਼ੋਰ, ਗੁਲਸ਼ਨ ਕੁਮਾਰ, ਆਤਿਸ਼ ਮਹਾਜਨ, ਸ਼ੀਤੂ ਮਹਾਜਨ, ਸਾਹਿਲ ਮੋਹਲ, ਐਡਵੋਕੇਟ ਅਸ਼ੀਮ ਮਹਾਜਨ, ਭਾਰਤ ਭੂਸ਼ਣ ਜਗਿਆਲੀਆ, ਨਰੇਸ਼ ਘਰਾਟੀਆ, ਜਕਸ਼ਾਂਤ ਮਹਾਜਨ ਅਤੇ ਮੱਖਣ ਸਰਾਫ ਆਦਿ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਉੱਭਰਦੇ ਖਿਡਾਰੀਆਂ ਨੂੰ ਅੱਗੇ ਲਿਆਉਣ ਲਈ ਖੇਡ ਨੀਤੀ ਤੇ ਮੁੜ ਵਿਚਾਰ ਕਰੇ ਪੰਜਾਬ ਸਰਕਾਰ - ਜਰਨੈਲ ਸਿੰਘ ਕਨੇਡਾ



ਫਗਵਾੜਾ ( ਸੁਸ਼ੀਲ ਸ਼ਰਮਾ ) ਵੱਖ-ਵੱਖ ਖੇਡਾਂ 'ਚ ਮੱਲ੍ਹਾਂ ਮਾਰਨ ਵਾਲੇ ਪੰਜਾਬ ਦੇ ਸੀਨੀਅਰ ਖਿਡਾਰੀਆਂ ਦੀ ਇਕ ਵਿਸ਼ੇਸ਼ ਮੀਟਿੰਗ ਹੋਟਲ ਵਿਖੇ ਹੋਈ। ਜਿਸ ਦੀ ਪ੍ਰਧਾਨਗੀ ਜਰਨੈਲ ਸਿੰਘ ਵੇਟ ਲਿਫਟਰ ਕਨੇਡਾ ਨੇ ਕੀਤੀ। ਮੀਟਿੰਗ ਵਿਚ ਸਮੂਹ ਖਿਡਾਰੀਆਂ ਵਲੋਂ ਪੰਜਾਬ ਸਰਕਾਰ ਦੀ ਖੇਡ ਨੀਤੀ ਬਾਰੇ ਡੂੰਘਾਈ ਨਾਲ ਚਰਚਾ ਤੋਂ ਬਾਅਦ ਗੱਲਬਾਤ ਦੌਰਾਨ ਜਰਨੈਲ ਸਿੰਘ ਵੇਟ ਲਿਫਟਰ ਅਤੇ ਪੀ.ਆਰ. ਸੌਂਧੀ ਸਾਬਕਾ ਚੀਫ ਕੋਚ ਓਲੰਪਿਕ, ਕਾਮਨਵੈਲਥ, ਏਸ਼ੀਅਨ ਸਿਓਲ, ਚਾਈਨਾ, ਬੈਂਕਾਕ ਅਤੇ ਹੋਰਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਅਤੇ ਉੱਭਰਦੇ ਖਿਡਾਰੀਆਂ ਨੂੰ ਪ੍ਰਮੋਟ ਕਰਨ ਦੇ ਵੱਡੇ ਦਾਅਵੇ ਤਾਂ ਕਰਦੀ ਹੈ ਪਰ ਜਮੀਨੀ ਤੌਰ ਤੇ ਇਹਨਾਂ ਦਾਅਵਿਆਂ ਵਿਚ ਜਿਆਦਾ ਸੱਚਾਈ ਨਜਰ ਨਹੀਂ ਆ ਰਹੀ। ਉਹਨਾਂ ਕਿਹਾ ਕਿ ਸਰਕਾਰ ਦੀ ਖੇਡ ਨੀਤੀ ਬੇਸ਼ਕ ਜਿੰਨੀ ਵੀ ਚੰਗੀ ਹੋਵੇ ਪਰ ਜਦੋਂ ਤੱਕ ਉਸਨੂੰ ਹੇਠਲੇ ਪੱਧਰ ਤੇ ਲਾਗੂ ਨਹੀਂ ਕੀਤਾ ਜਾਵੇਗਾ, ਕੋਈ ਵੀ ਨੀਤੀ ਸਫਲ ਨਹੀਂ ਹੋਵੇਗੀ ਅਤੇ ਰਿਜਲਟ ਜੀਰੋ ਹੀ ਰਹੇਗਾ। ਉਹਨਾਂ ਹੈਰਾਨੀ ਪ੍ਰਗਟਾਈ ਕਿ ਮੌਜੂਦਾ ਸੂਬਾ ਸਰਕਾਰ ਨੇ ਤਿੰਨ ਸਾਲਾ ਦੀ ਗੱਲ ਕਰ ਦਿਆ ਕਿਹਾ ਇਹਨਾਂ ਤਿੰਨਾਂ ਸਾਲਾਂ ਵਿਚ ਸਰਕਾਰ ਦੀ ਮੱਦਦ ਸਦਕਾ ਕੋਈ ਰਾਸ਼ਟਰੀ ਜਾਂ ਅੰਤਰਰਾਸ਼ਟਰੀ ਪੱਧਰ ਦਾ ਖਿਡਾਰੀ ਨਹੀਂ ਉੱਭਰਿਆ। ਜਿਹਨਾਂ ਵੀ ਖਿਡਾਰੀਆਂ ਨੇ ਮੈਡਲ ਹਾਸਲ ਕੀਤੇ ਹਨ, ਉਹਨਾਂ ਨੇ ਖੁਦ ਆਪਣੇ ਪੱਧਰ ਤੇ ਜਾਂ ਅਕੈਡਮੀਆਂ ਤੇ ਐਨ.ਆਰ. ਆਈਜ ਦੀ ਸਹਾਇਤਾ ਨਾਲ ਆਪਣਾ ਸਫਲ ਕੈਰੀਅਰ ਬਣਾਇਆ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਗੁਆਂਢੀ ਰਾਜ ਹਰਿਆਣਾ ਵਿਚ ਸਰਕਾਰ ਖਿਡਾਰੀਆਂ ਨੂੰ ਨਾ ਸਿਰਫ ਅੱਗੇ ਵੱਧਣ ਲਈ ਬਹੁਤ ਸਾਰੀਆਂ ਸਹੂਲਤਾਂ ਅਤੇ ਆਰਥਕ ਸਹਾਇਤਾ ਦਿੰਦੀ ਹੈ ਬਲਕਿ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ ਨਗਦ ਇਨਾਮ ਅਤੇ ਸਰਕਾਰੀ ਨੌਕਰੀਆਂ ਨਾਲ ਵੀ ਨਵਾਜਦੀ ਹੈ। ਪੰਜਾਬ ਸਰਕਾਰ ਨੂੰ ਵੀ ਇਸ ਤੋਂ ਸੇਧ ਲੈਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਇਹ ਸੋਚਣ ਵਾਲੀ ਗੱਲ ਹੈ ਕਿ ਪੰਜਾਬ ਦੇ ਅਥਲੀਟ ਖੇਡਾਂ ਵਿਚ ਹਰਿਆਣਾ ਤੋਂ ਪਿੱਛੇ ਕਿਉਂ ਹਨ। ਇਸ ਮੌਕੇ ਕ੍ਰਿਪਾਲ ਸਿੰਘ ਪਾਲੀ ਰੈਸਲਰ ਅਤੇ ਕੱਬਡੀ ਪਲੇਅਰ ਯੂ.ਕੇ., ਕ੍ਰਿਪਾਲ ਸਿੰਘ ਪਾਲਾ ਬਾਕਸਰ ਚੈਂਪੀਅਨ ਕਨੇਡਾ, ਸੰਤੋਖ ਸਿੰਘ ਬਿਲਣ ਰੈਸਲਰ ਯੂ.ਕੇ., ਕੁਲਵਿੰਦਰ ਸਿੰਘ ਡੀ.ਪੀ. ਵੇਟ ਲਿਫਟਰ ਤੇ ਕਬੱਡੀ (ਕਨੇਡਾ), ਗੁਰਨੇਕ ਸਿੰਘ ਰਾਏ ਅਥਲੈਟਿਕ ਤੇ ਕਬੱਡੀ (ਅਮਰੀਕਾ), ਅਮਰੀਕ ਸਿੰਘ ਕਨੇਡਾ, ਰਣਜੀਤ ਸਿੰਘ ਅਵਾਰਡ ਜੇਤੂ ਸੰਦੀਪ ਕੁਮਾਰ ਓਲੰਪੀਅਨ ਵੇਟ ਲਿਫਟਰ ਤੇ ਕੋਚ ਇੰਸਪੈਕਟਰ ਪੰਜਾਬ ਪੁਲਿਸ, ਮਹਾਰਾਜਾ ਰਣਜੀਤ ਸਿੰਘ ਅਵਾਰਡ ਜੇਤੂ ਮਨਜੀਤ ਸਿੰਘ ਡੀ.ਐਸ.ਪੀ. ਸਾਊਥ ਏਸ਼ੀਅਨ ਵੇਟ ਲਿਫਟਰ, ਪ੍ਰਿੰਸੀਪਲ ਮਨਜੀਤ ਸਿੰਘ ਵੇਟ ਲਿਫਟਰ, ਤਾਰਾ ਸਿੰਘ ਅਰਜੁਨ ਅਵਾਰਡੀ, ਗੁਰਨਾਮ ਸਿੰਘ ਵੇਟ ਲਿਫਟਰ ਕੋਚ ਇੰਡੀਆ ਟੀਮ, ਮੋਹਨ ਸਿੰਘ ਵੇਟ ਲਿਫਟਰ ਖਾਨਖਾਨਾ ਯੂ.ਕੇ., ਅਮਨਦੀਪ ਸੌਂਧੀ ਕਾਮਨਵੈਲਥ ਸਿਵਲਰ ਮੈਡਲ, ਮਹਾਰਾਜਾ ਰਣਜੀਤ ਸਿੰਘ ਅਵਾਰਡਰ ਜੇਤੂ, ਮਹਿੰਦਰ ਸਿੰਘ ਸਾਬਕਾ ਮੰਡੀ ਬੋਰਡ ਚੇਅਰਮੈਨ ਪਲਾਹੀ (ਕਨੇਡਾ), ਹਰਦੀਪ ਸਿੰਘ ਨੈਸ਼ਨਲ ਚੈਂਪੀਅਨ ਵੇਟ ਲਿਫਟਿੰਗ, ਪਰਮਿੰਦਰ ਸਿੰਘ ਆਸਟ੍ਰੇਲੀਆ ,ਰੀਤ ਪ੍ਰੀਤ ਪਾਲ ਸਿੰਘ ਪ੍ਰੈਸ ਸੈਕਰਟਰੀ ਪੰਜਾਬ ਰੈਸਲਿੰਗ ਐਸੋਸੀਏਸ਼ਨ ਆਦਿ ਹਾਜਰ ਸਨ।

# ਸੰਗੀਤ ਕਲੱਬ ਅਤੇ ਬੱਡੀ ਗਰੁੱਪ ਦੁਆਰਾ ਕਲਾਸੀਕਲ ਲੋਕ- ਨਾਚ ਦਾ ਆਯੋਜਨ



ਫਗਵਾੜਾ- (ਸੁਸ਼ੀਲ ਸ਼ਰਮਾ )

ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਦੇ ਸੰਗੀਤ ਕਲੱਬ ਅਤੇ ਬੱਡੀ ਗਰੁੱਪ ਦੁਆਰਾ 22 ਮਾਰਚ, 2025 ਨੂੰ ਇੱਕ ਮਨਮੋਹਕ ਕਲਾਸੀਕਲ ਲੋਕ ਨਾਚ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪ੍ਰਸਿੱਧ ਕਲਾਸੀਕਲ ਡਾਂਸਰ, ਡਾ. ਅਰਸ਼ਦੀਪ ਕੌਰ ਭੱਟੀ, ਸਹਾਇਕ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਡਾ. ਭੱਟੀ ਨੇ ਆਪਣੇ ਸੁੰਦਰ ਅਤੇ ਭਾਵਪੂਰਨ ਨਾਚ ਨਾਲ ਵਿਦਿਆਰਥੀ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਉਨ੍ਹਾਂ ਦੀ ਮੁਹਾਰਤ ਅਤੇ ਹੁਨਰ ਭਾਰਤੀ ਸ਼ਾਸਤਰੀ ਨਾਚ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ। ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਸੰਗੀਤ ਕਲੱਬ ਅਤੇ ਬੱਡੀ ਗਰੁੱਪ ਵੱਲੋਂ ਕੀਤੇ ਗਏ ਉਪਰਾਲੇ ਲਈ ਉਹਨਾਂ ਨੂੰ ਹੱਲਾਸ਼ੇਰੀ ਦਿੰਦੇ ਹੋਏ ਡਾ. ਅਰਸ਼ਦੀਪ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਅਜਿਹੀਆਂ ਸੱਭਿਆਚਾਰਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਅਤੇ ਰਵਾਇਤੀ ਕਲਾ ਰੂਪਾਂ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਤੇ ਜ਼ੋਰ ਦਿੱਤਾ।

# ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ ਜੰਗੇ ਅਜ਼ਾਦੀ ਦਾ ਵਧਾਇਆ ਆਯਾਮ- ਸੋਮ ਪ੍ਰਕਾਸ਼

ਫਗਵਾੜਾ- (ਸੁਸ਼ੀਲ ਸ਼ਰਮਾ)ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ ਨੂੰ ਸਮਰਪਿਤ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜਿ.) ਫਗਵਾੜਾ , ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ( ਰਜਿ.) ਫਗਵਾੜਾ ਅਤੇ ਨੈਸ਼ਨਲ ਇੰਟੈਗਰੇਟਿਡ ਮੈਡੀਕਲ ਐਸੋਸੀਏਸ਼ਨ ( ਨੀਮਾ) ਵਲੋਂ ਸ਼ਿਵ ਮੰਦਰ ਤਲਾਬ ਅਰੋੜਿਆਂ ਮੇਹਲੀ ਗੇਟ ਫਗਵਾੜਾ ਵਿਖੇ ਸੰਯੁਕਤ ਰੂਪ ਵਿੱਚ ਖੂਨਦਾਨ ਕੈਂਪ ਲਗਾਇਆ ਗਿਆ ।ਕਲੱਬ ਪ੍ਰਧਾਨ ਵਿਕਰਮ ਗੁਪਤਾ, ਨੀਮਾ ਪ੍ਰਧਾਨ ਡਾ. ਨੀਰਜ ਔਂਥੀ ਅਤੇ ਸੋਸਾਇਟੀ ਪ੍ਰਧਾਨ ਰਾਜੂ ਚੈਲ ਦੀ ਅਗਵਾਈ ਵਿੱਚ ਆਯੋਜਿਤ ਇਸ ਕੈਂਪ ਵਿੱਚ ਦਾ ਉਦਘਾਟਨ ਕਰਦਿਆਂ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਜੰਗੇ ਅਜ਼ਾਦੀ ਦੌਰਾਨ ਇਹਨਾਂ ਦੀ ਸ਼ਹਾਦਤ ਨੇ ਅਜ਼ਾਦੀ ਜੰਗ ਨੂੰ ਆਯਾਮ ਪ੍ਰਦਾਨ ਕਰਨ ਦੇ ਨਾਲ ਨਾਲ ਅਜ਼ਾਦੀ ਦਾ ਰਾਸਤਾ ਵੀ ਰੁਸ਼ਨਾ ਦਿੱਤਾ। ਕਲੱਬ ਪ੍ਰਧਾਨ ਵਿਕਰਮ ਗੁਪਤਾ ਅਨੁਸਾਰ ਭਗਤ ਸਿੰਘ ਨੌਜਵਾਨਾਂ ਦੇ ਰੋਲ ਮਾਡਲ ਹਨ ਇਸ ਕਾਰਨ 93 ਖੂਨਦਾਨੀਆਂ ਨੇ ਖੂਨਦਾਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ।ਸਾਬਕਾ ਮੇਅਰ ਅਰੁਣ ਖੋਸਲਾ ਅਤੇ ਨੀਮਾ ਨਾਲ ਜੁੜੇ ਪ੍ਰਸਿੱਧ ਲੇਖਕ ਡਾ. ਜਵਾਹਰ ਧੀਰ ਨੇ ਕਿਹਾ ਕਿ ਸ਼ਹਾਦਤ ਕਿਸੇ ਕੌਮ ਦੀ ਅਮੀਰ ਵਿਰਾਸਤ ਦਾ ਅਭਿੰਨ ਅੰਗ ਹੈ ਅਤੇ ਸ਼ਹੀਦ ਦਾ ਜੀਵਨ ਕਾਲ ਭਵਿੱਖਤ ਪੀੜੀ ਦਾ ਮਾਰਗ ਦਰਸ਼ਨ ਕਰਦਾ ਹੈ ।ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਚੇਅਰਮੈਨ ਰਾਜੂ ਚੈਲ ਅਤੇ ਕਲੱਬ ਸਕੱਤਰ ਇੰਵਿਤਨ ਪੁਰੀ ਨੇ ਵਿਚਾਰ ਪ੍ਰਗਟ ਕੀਤਾ ਕਿ ਸ਼ਹੀਦਾਂ ਨੇ ਖੂਨ ਦੇ ਕੇ ਦੇਸ਼ ਨੂੰ ਨਵੀਂ ਜ਼ਿੰਦਗੀ ਦਿੱਤੀ ਅਤੇ ਉਹਨਾਂ ਦੀ ਪ੍ਰੇਰਣਾ ਸਦਕਾ ਖੂਨਦਾਨੀ ਵੀ ਕਿਸੇ ਮਰੀਜ਼ ਨੂੰ ਜ਼ਿੰਦਗੀ ਪ੍ਰਦਾਨ ਕਰਦੇ ਹਨ ।ਵਿਸ਼ੇਸ਼ ਰੂਪ ਵਿੱਚ ਪਹੁੰਚੇ ਕੌਂਸਲਰ ਦਵਿੰਦਰ ਸਪਰਾ ਅਤੇ ਕੌਂਸਲਰ ਗੁਰਪ੍ਰੀਤ ਕੌਰ ਅਤੇ ਨੈਸ਼ਨਲ ਅਵਾਰਡੀ ਗੁਰਮੀਤ ਸਿੰਘ ਨੇ ਕਿਹਾ ਕਿ ਖੂਨਦਾਨੀ ਦੇ ਅਸਲੀ ਹੀਰੋ ਹਨ । ਕੈਂਪ ਵਿੱਚ ਨੀਤੂ ਬਾਲਾ ਦੀ ਪ੍ਰੇਰਣਾ ਸਦਕਾ ਤਿੰਨ ਮਹਿਲਾਵਾਂ ਸਹਿਤ 12 ਖੂਨਦਾਨੀਆਂ ਨੇ ਆਪਣਾ ਸਮਾਜਿਕ ਫਰਜ਼ ਨਿਭਾਇਆ ।ਨੀਤੂ ਬਾਲਾ ਦੀ ਸੇਵਾ ਦੀ ਤਾਰੀਫ ਕਰਦਿਆਂ ਉਸ ਨੂੰ ਕਲੱਬ ਦੀ ਮੈਂਬਰਸ਼ਿਪ ਪ੍ਰਦਾਨ ਕੀਤੀ ਗਈ ।ਸ਼ਿਵ ਮੰਦਰ ਕਮੇਟੀ ਪ੍ਰਧਾਨ ਸਹਿਤ ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਦ ਸਮੂਹ ਮੈਂਬਰਾਂ ਨੇ ਖੂਨਦਾਨ ਕੀਤਾ ਅਤੇ ਇਸ ਨੂੰ ਜਾਰੀ ਰੱਖਣ ਦਾ ਪ੍ਰਣ ਲਿਆ ।ਇਸ ਮੌਕੇ ਡਾ. ਅਮਿਤ ਸ਼ਰਮਾ, ਡਾ. ਮਿੱਖਲ ਖੋਸਲਾ, ਡਾ. ਪੰਕਜ ਸੂਦ, ਡਾ. ਅਜੇ ਉਹਰੀ. ਡਾ. ਯਸ਼ ਚੋਪੜਾ, ਡਾ, ਵਿਵੇਕ ਮਹਾਜਨ, ਡਾ. ਗੁਰਦੀਪ, ਡਾ. ਜਤਿੰਦਰ ਸੰਧੂ, ਡਾ. ਲਲਿਤ ਵਰਮਾ, ਰਾਜੀਵ ਚੈਲ, ਸ਼ਿਵ ਸ਼ਰਮਾ, ਵਿਵੇਕ ਸ਼ਰਮਾ, ਰਾਹੁਲ ਸ਼ੈਰੀ, ਰਾਜਿੰਦਰ ਸ਼ਰਮਾ, ਜਸਵਿੰਦਰ ਸਿੰਘ, ਦੀਪੂ, ਗੌਰਵ ਬੱਗਾ, ਵਿਪੁਨ ਸ਼ਰਮਾ, ਅਰਜੁਨ ਬਸਰਾ, ਜਰਨੈਲ ਸਿੰਘ, ਪ੍ਰਦੀਪ ਬੇਦੀ, ਨੰਦ ਕਿਸ਼ੋਰ ਸ਼ਰਮਾ, ਹਰਜਿੰਦਰ ਗੋਗਨਾ, ਨਰੇਸ਼ ਕੋਹਲੀ, ਅਸ਼ਵਨੀ ਸ਼ਰਮਾ, ਪ੍ਰੇਮ ਗੁਪਤਾ, ਪ੍ਰਭਜੋਤ ਸਿੰਘ, ਸਚਿਨ ਮੁੰਜਾਲ, ਰਣਜੀਤ ਸਿੰਘ, ਪ੍ਰਦੀਪ ਕੁਮਾਰ, ਹਰਮਿੰਦਰ ਕੁੰਦੀ, ਅੰਜੂ ਸ਼ਰਮਾ, ਰਾਕੇਸ਼ ਵਢੇਰਾ ਹਾਜ਼ਰ ਸਨ ।






# ਜ਼ਿਲੇ ਚ ਵਿਸ਼ੇਸ਼ ਟੀਕਾਕਰਨ ਹਫਤਾ 24 ਤੋਂ ਸ਼ੁਰੂ : ਡਾਕਟਰ ਰਿਚਾ ਭਾਟੀਆ



ਫ਼ਗਵਾੜਾ-ਕਪੂਰਥਲਾ (23 ਮਾਰਚ (ਸੁਸ਼ੀਲ ਸ਼ਰਮਾ) 24 ਮਾਰਚ ਤੋਂ 31 ਮਾਰਚ ਤੱਕ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਟੀਕਾਕਰਨ ਹਫ਼ਤੇ ਤਹਿਤ ਮੁਹਿੰਮ ਚਲਾਈ ਜਾ ਰਹੀ ਹੈ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਜਾਣਕਾਰੀ ਦਿੰਦਿਆਂ ਹੋਏ ਕੀਤਾ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਟੀਕਾਕਰਨ ਮੁਹਿੰਮ ਦੌਰਾਨ 0 ਤੋਂ 5 ਸਾਲ ਤੱਕ ਵਾਲੇ ਬੱਚਿਆਂ,ਪ੍ਰਵਾਸੀ ਅਬਾਦੀ ਜੋ ਹਾਲੇ ਵੀ ਟੀਕਾਕਰਨ ਤੋਂ ਵਾਂਝੇ ਹਨ ਉਤੇ ਵਿਸ਼ੇਸ਼ ਧਿਆਨ ਕੇਂਦ੍ਰਿਤ ਕੀਤਾ ਜਾਵੇਗਾ। ਡਾ.ਰਿਚਾ ਭਾਟੀਆ ਨੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ੇਸ਼ ਟੀਕਾਕਰਨ ਹਫ਼ਤੇ ਦੌਰਾਨ 5 ਸਾਲ ਤੋਂ ਘੱਟ ਉਮਰ ਦੇ ਸਾਰੇ ਬੱਚੇ,ਗਰਭਵਤੀ ਔਰਤਾਂ ਜੋ ਟੀਕਾਰਨ ਤੋਂ ਵਾਂਝੇ ਰਿਹਾ ਗਏ ਹਨ ਦਾ ਟੀਕਾਕਰਨ ਮੁਕੰਮਲ ਕੀਤਾ ਜਾਵੇਗਾ। ਇਸ ਦੇ ਨਾਲ "➣ 10 ਅਤੇ "➣ 16 ਦੀ ਡੋਜ਼ ਤੋਂ ਵਾਂਝੇ ਰਿਹਾ ਗਏ ਬੱਚਿਆਂ ਨੂੰ ਵੀ ਕਵਰ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ.ਰਣਦੀਪ ਸਿੰਘ ਨੇ ਦੱਸਿਆ ਕਿ ਵਿਸ਼ੇਸ਼ ਟੀਕਾਕਰਨ ਮੁਹਿੰਮ ਲਈ ਟੀਚਾ ਆਬਾਦੀ 5 ਸਾਲ ਤੱਕ ਦੇ ਬੱਚੇ ਅਤੇ ਗਰਭਵਤੀ ਔਰਤਾਂ ਹੋਣਗੇ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇਗਾ ਕਿ ਜ਼ਿਲ੍ਹੇ ਵਿੱਚ ਕੋਈ ਵੀ ਬੱਚਾ ਜ਼ੀਰੋ ਡੋਜ਼ ਤੋਂ ਵਾਂਝਾ ਨਾ ਰਹੇ।

# ਪਿੰਡ ਵਜੀਦੋਵਾਲ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਦਿੱਤੀ ਨਿੱਘੀ ਸ਼ਰਧਾਂਜਲੀ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ ਰਜਿ. ਮੰਢਾਲੀ ਵਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਅੱਜ ਸਿਰਫ 450 ਰੁਪਏ ਵਿਚ ਫੁਲ ਬਾਡੀ ਟੈਸਟ ਸਬੰਧੀ ਕੈਂਪ ਗ੍ਰਾਮ ਪੰਚਾਇਤ ਪਿੰਡ ਵਜੀਦੋਵਾਲ ਦੇ ਸਹਿਯੋਗ ਨਾਲ ਮੰਦਰ ਹਾਲ ਪਿੰਡ ਵਜੀਦੋਵਾਲ ਵਿਖੇ ਲਗਾਇਆ ਗਿਆ। ਇਸ ਦੌਰਾਨ ਸੁਪਰ ਕਲੀਨਿਕਲ ਲੈਬੋਰਟਰੀ ਮੇਹਲੀ ਦੀ ਟੀਮ ਨੇ ਕਰੀਬ 100 ਲੋੜਵੰਦਾ ਦੇ ਬਾਡੀ ਟੈਸਟ ਕੀਤੇ। ਵਧੇਰੇ ਜਾਣਕਾਰੀ ਦਿੰਦਿਆਂ ਸਰਪੰਚ ਰਿਪਲ ਕੁਮਾਰ ਵਜੀਦੋਵਾਲ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਗਿਲੀਕੇਟਿਡ ਹਿਮੋਗਲੋਬਿਨ, ਸੀ.ਬੀ.ਸੀ., ਥਾਇਰਾਈਡ, ਕੇ.ਐਫ.ਟੀ., ਐਲ.ਐਫ.ਟੀ., ਕੋਲੇਸਟੇਰੋਲ, ਯੂਰਿਨ ਟੈਸਟ, ਐਫ.ਬੀ.ਐਸ., ਇਲੈਕਟ੍ਰੋਲਿਟਸ, ਕੈਲਸ਼ਿਅਮ ਤੇ ਯੂਰਿਕ ਐਸਿਡ ਅਤੇ ਈ.ਐਸ.ਆਰ. ਦੇ ਟੈਸਟ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਇਹ ਸਾਰੇ ਬਾਡੀ ਟੈਸਟ ਆਮ ਤੌਰ ਤੇ ਬਹੁਤ ਮਹਿੰਗੇ ਰੇਟ ਤੇ ਹੁੰਦੇ ਹਨ। ਜਿਸ ਕਰਕੇ ਇਹ ਕੈਂਪ ਲੋੜਵੰਦਾਂ ਲਈ ਬਹੁਤ ਹੀ ਲਾਹੇਵੰਦ ਸਿੱਧ ਹੋਇਆ ਹੈ। ਇਸ ਤੋਂ ਪਹਿਲਾਂ ਕੈਂਪ ਦਾ ਸ਼ੁੱਭ ਆਰੰਭ ਸ਼ਹੀਦਾਂ ਦੀਆਂ ਤਸਵੀਰਾਂ ਤੇ ਫੁੱਲਮਾਲਾਵਾਂ ਭੇਂਟ ਕਰਕੇ ਕੀਤਾ ਗਿਆ। ਸਮੁੱਚੀ ਪੰਚਾਇਤ ਅਤੇ ਪਤਵੰਤਿਆਂ ਨੇ ਕਿਹਾ ਕਿ ਭਾਰਤ ਨੂੰ ਆਜਾਦ ਕਰਵਾਉਣ ਵਿਚ ਸ਼ਹੀਦ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਸ਼ਹਾਦਤ ਦੀ ਵੱਡੀ ਭੂਮਿਕਾ ਹੈ। ਇਹਨਾਂ ਸ਼ਹਾਦਤਾਂ ਨੂੰ ਅਜੋਕੀ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਪੰਚਾਇਤ ਮੈਂਬਰ ਪੰਡਿਤ ਅਸ਼ੋਕ ਕੁਮਾਰ, ਸੰਜੀਵ ਕੁਮਾਰ, ਨਰਿੰਦਰ ਪਾਲ, ਸਰਬਜੀਤ ਕੌਰ ਤੋਂ ਇਲਾਵਾ ਸਾਬਕਾ ਪੰਚ ਵਰੁਣ ਸ਼ਰਮਾ, ਰਿਟਾ. ਇੰਸਪੈਕਟਰ ਰਮਨ ਕੁਮਾਰ, ਚੰਦਰ ਮੋਹਨ, ਰਾਜਕੁਮਾਰ, ਰਾਕੇਸ਼ ਢੰਡਾ, ਰਵੀ ਦੱਤ, ਰਾਕੇਸ਼ ਕੁਮਾਰ, ਭਗਤ ਰਾਮ, ਯੋਗੇਸ਼ ਕੁਮਾਰ, ਬਲਿਹਾਰ ਲਾਲ, ਚਮਨ ਲਾਲ, ਦੇਸਰਾਜ, ਸੋਹਨ ਲਾਲ, ਨੰਬਰਦਾਰ ਸਤੀਸ਼ ਕੁਮਾਰ ਤੇ ਸੋਮਨਾਥ, ਮਨਜੀਤ ਲਾਲ, ਪ੍ਰਮੋਦ ਕੁਮਾਰ, ਪ੍ਰਿੰਸ ਕੁਮਾਰ, ਦੀਪਕ ਸ਼ਰਮਾ, ਮੁਕੇਸ਼ ਕੁਮਾਰ ਆਦਿ ਹਾਜਰ ਸਨ।

# ਡਾ. ਰਾਜਨ ਆਈ ਕੇਅਰ ਦੇ ਸਹਿਯੋਗ ਨਾਲ ਪਿੰਡ ਲੋਹਗੜ੍ਹ ਵਿਖੇ ਲਗਾਇਆ ਅੱਖਾਂ ਦਾ ਫਰੀ ਕੈਂਪ




ਫਗਵਾੜਾ 23 ਮਾਰਚ ( ਸੁਸ਼ੀਲ ਸ਼ਰਮਾ ) ਸਵ. ਬਚਿੰਤ ਸਿੰਘ ਅਤੇ ਸਵ. ਮਾਤਾ ਪ੍ਰੀਤਮ ਕੌਰ ਦੀ ਨਿੱਘੀ ਯਾਦ ਨੂੰ ਸਮਰਪਿਤ ਅੱਖਾਂ ਦਾ ਫਰੀ ਜਾਂਚ ਅਤੇ ਆਪ੍ਰੇਸ਼ਨ ਕੈਂਪ ਉਹਨਾਂ ਦੇ ਪੁੱਤਰਾਂ ਸਰਦਾਰ ਸੁੱਚਾ ਸਿੰਘ ਅਤੇ ਸਰਦਾਰ ਕੈਰਨੈਲ ਸਿੰਘ ਵੱਲੋਂ ਡਾ. ਰਾਜਨ ਆਈ ਕੇਅਰ ਹਸਪਤਾਲ ਫਗਵਾੜਾ ਦੇ ਸਹਿਯੋਗ ਨਾਲ ਪਿੰਡ ਲੋਹਗੜ੍ਹ (ਜਲੰਧਰ) ਵਿਖੇ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 360 ਲੋੜਵੰਦਾਂ ਦੀ ਜਾਂਚ ਕੀਤੀ ਗਈ ਅਤੇ 21 ਲੋੜਵੰਦ ਮਰੀਜਾਂ ਦੀਆਂ ਅੱਖਾਂ ਦੀ ਫਰੀ ਸਰਜਰੀ ਕਰਕੇ ਫੋਲਡੇਬਲ ਲੈਨਜ ਪਾਏ ਗਏ। ਇਸ ਤੋਂ ਇਲਾਵਾ 170 ਲੋੜਵੰਦਾਂ ਨੂੰ ਫਰੀ ਐਨਕਾਂ ਅਤੇ 260 ਮਰੀਜਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਡਾ. ਰਾਜਨ ਆਈ ਕੇਅਰ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾ. ਐਸ. ਰਾਜਨ ਨੇ ਮਰੀਜਾਂ ਨੂੰ ਅੱਖਾਂ ਦੀ ਦੇਖਭਾਲ ਬਾਰੇ ਜਾਣਕਾਰੀ ਦਿੱਤੀ ਅਤੇ ਸਰਜਰੀ ਕਰਵਾਉਣ ਵਾਲੇ ਮਰੀਜ਼ਾਂ ਨੂੰ ਵਰਤੋਂ ਵਿਚ ਲਿਆਉਣ ਵਾਲੀਆਂ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਹਾਜਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਖਾਂ ਦੀ ਸਿਹਤ ਦਾ ਖਾਸ ਧਿਆਨ ਰੱਖਿਆ ਜਾਵੇ। ਛੋਟੀ ਜਿਹੀ ਲਾਪਰਵਾਹੀ ਅੱਖਾਂ ਦੀ ਰੌਸ਼ਨੀ ਲਈ ਖਤਰਾ ਬਣ ਸਕਦੀ ਹੈ। ਅੱਖਾਂ ਦੀ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕਰਕੇ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਨਾਲ ਇਲਾਜ ਕਰਵਾਇਆ ਜਾਣਾ ਹੀ ਸਮਝਦਾਰੀ ਹੈ। ਅਖੀਰ ਵਿੱਚ ਪ੍ਰਬੰਧਕਾਂ ਨੇ ਡਾਕਟਰ ਰਾਜਨ ਅਤੇ ਉਹਨਾਂ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਬੀਬੀ ਗੁਰਮੇਜ ਕੌਰ, ਬੀਬੀ ਹਰਬੰਸ ਕੌਰ, ਸਮੂਹ ਨਗਰ ਪੰਚਾਇਤ ਅਤੇ ਪਿੰਡ ਵਾਸੀ ਹਾਜਰ ਸਨ।

# ਫਗਵਾੜਾ 'ਚ ਹੋਈ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੀ ਹੰਗਾਮੀ ਮੀਟਿੰਗ



ਫਗਵਾੜਾ ( ਸੁਸ਼ੀਲ ਸ਼ਰਮਾ ) ਭਾਰਤੀ ਕਿਸਾਨ ਯੂਨੀਅਨ ਦੋਆਬਾ ਦੀ ਸਟੇਟ ਬਾਡੀ ਦੀ ਹੰਗਾਮੀ ਮੀਟਿੰਗ ਗੁਰਦੁਆਰਾ ਸ਼੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਯੂਨੀਅਨ ਦੇ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵਲੋਂ ਸੀਨੀਅਰ ਕਿਸਾਨ ਆਗੂਆਂ ਦੀ ਗਿਰਫਤਾਰੀ ਅਤੇ ਪਿਛਲੇ 13 ਮਹੀਨੇ ਤੋਂ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਚੱਲ ਰਹੇ ਧਰਨੇ ਨੂੰ ਜਬਰਦਸਤੀ ਖਤਮ ਕਰਾਉਣ ਨੂੰ ਲੈ ਕੇ ਤਿੱਖਾ ਰੋਸ ਪ੍ਰਗਟਾਇਆ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿਚ ਪਹੁੰਚੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸਤਨਾਮ ਸਿੰਘ ਸਾਹਨੀ ਤੋਂ ਇਲਾਵਾ ਸੀਨੀਅਰ ਆਗੂ ਸੰਤੋਖ ਸਿੰਘ ਲੱਖਪੁਰ, ਕੁਲਵਿੰਦਰ ਸਿੰਘ ਕਾਲਾ ਅਠੌਲੀ ਅਤੇ ਗੁਰਪਾਲ ਸਿੰਘ ਪਾਲਾ ਮੌਲੀ ਪ੍ਰੈਸ ਸਕੱਤਰ ਨੇ ਕਿਹਾ ਕਿ ਕੇਂਦਰ ਦੇ ਇਸ਼ਾਰੇ 'ਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਕਿਸਾਨਾ ਨਾਲ ਧੱਕੇਸ਼ਾਹੀ ਤੇ ਉਤਾਰੂ ਹੈ। ਕਿਸਾਨ ਆਗੂਆਂ ਨੂੰ ਗੱਲਬਾਤ ਲਈ ਚੰਡੀਗੜ੍ਹ ਬੁਲਾ ਕੇ ਧੋਖੇ ਨਾਲ ਗਿਰਫਤਾਰੀ ਅਤੇ ਸ਼ਾਂਤੀਪੂਰਣ ਧਰਨੇ ਨੂੰ ਪੁਲਿਸ ਰਾਹੀਂ ਸਖਤੀ ਨਾਲ ਖਤਮ ਕਰਵਾਉਣਾ ਲੋਕਤੰਤਰ ਦਾ ਘਾਣ ਹੈ। ਉਹਨਾਂ ਪੁਲਿਸ ਵਲੋਂ ਸਰਕਾਰ ਦੇ ਇਸ਼ਾਰੇ 'ਤੇ ਕਿਸਾਨਾਂ ਦੇ ਟਰੈਕਟ, ਟਰਾਲੀਆਂ ਅਤੇ ਹੋਰ ਕੀਮਤੀ ਸਮਾਨ ਨੂੰ ਖੁਰਦ-ਬੁਰਦ ਕਰਨ ਦੀ ਵੀ ਸਖਤ ਨਖੇਦੀ ਕੀਤੀ। ਕਿਸਾਨ ਆਗੂਆਂ ਨੇ ਕਿਹਾ ਕਿ ਗਿਰਫਤਾਰ ਕਿਸਾਨ ਆਗੂਆਂ ਦੀ ਤੁਰੰਤ ਰਿਹਾਈ ਦੀ ਮੰਗ ਨੂੰ ਲੈ ਕੇ ਹਮਖਿਆਲੀ ਜੱਥੇਬੰਦੀਆਂ ਨੂੰ ਨਾਲ ਲੈ ਕੇ 24 ਮਾਰਚ ਦਿਨ ਸੋਮਵਾਰ ਨੂੰ ਐਸ.ਡੀ.ਐਮ. ਫਿਲੌਰ ਵਿਖੇ ਰੋਸ ਧਰਨਾ ਲਗਾਇਆ ਜਾਵੇਗਾ ਅਤੇ ਪੰਜਾਬ ਸਰਕਾਰ ਦਾ ਪੁਤਲਾ ਵੀ ਫੂਕਿਆ ਜਾਵੇਗਾ। ਇਸੇ ਤਰ੍ਹਾਂ 29 ਮਾਰਚ ਦਿਨ ਸ਼ਨੀਵਾਰ ਨੂੰ ਡੀ.ਸੀ. ਦਫਤਰ ਹੁਸ਼ਿਆਰਪੁਰ ਦਾ ਘਿਰਾਓ ਕਰਕੇ ਪੁਤਲਾ ਫੂਕਿਆ ਜਾਵੇਗਾ। ਉਹਨਾਂ ਤਿੱਖੇ ਲਹਿਜੇ ਵਿਚ ਚੇਤਾਵਨੀ ਦਿੱਤੀ ਕਿ ਪੰਜਾਬ ਸਰਕਾਰ ਦੀ ਧੱਕੇਸ਼ਾਹੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਕਿਸਾਨਾਂ ਤੇ ਹੋਏ ਜੋਰ, ਜਬਰ ਅਤੇ ਜੁਲਮ ਨੂੰ ਲੈ ਕੇ ਸਮੂਹ ਪੰਜਾਬੀਆਂ ਵਿੱਚ ਭਾਰੀ ਰੋਹ ਹੈ। ਭਗਵੰਤ ਮਾਨ ਸਰਕਾਰ ਨੂੰ ਇਸ ਜੁਲਮ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ। ਕਿਸਾਨ ਆਗੂਆਂ ਨੇ ਪਟਿਆਲਾ ਵਿਖੇ ਪੁਲਿਸ ਦੇ ਅਫਸਰਾਂ ਅਤੇ ਮੁਲਾਜਮਾਂ ਵਲੋਂ ਫੌਜੀ ਕਰਨਲ ਨਾਲ ਕੀਤੀ ਕੁੱਟਮਾਰ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਵਿਚ ਸਰੇਆਮ ਪੁਲਿਸ ਦੀ ਗੁੰਡਾਗਰਦੀ ਚਲ ਰਹੀ ਹੈ ਜੋ ਕਿ ਬਹੁਤ ਹੀ ਸ਼ਰਮਨਾਕ ਹੈ। ਉਹਨਾਂ ਫੌਜੀ ਕਰਨਲ ਨਾਲ ਕੁੱਟਮਾਰ ਦੀ ਵੀ ਸਖਤ ਨਖੇਦੀ ਕੀਤੀ ਅਤੇ ਕਿਹਾ ਕਿ ਪੀੜ੍ਹਤ ਪਰਿਵਾਰ ਦੇ ਇਨਸਾਫ ਲਈ ਵੀ ਕਿਸਾਨ ਜੱਥੇਬੰਦੀ ਆਵਾਜ ਬੁਲੰਦ ਕਰੇਗੀ। ਇਸ ਮੌਕੇ ਮੁਖਤਾਰ ਸਿੰਘ, ਬਲਜਿੰਦਰ ਸਿੰਘ, ਦਿਨੇਸ਼ ਭੰਡਾਰੀ, ਜਸਵੀਰ ਸਿੰਘ ਚੇਲਾ, ਹਰਜੀਤ ਸਿੰਘ ਢੇਸੀ, ਤਰਸੇਮ ਸਿੰਘ ਢਿੱਲੋਂ, ਰਾਣਾ ਮਠੋਡਾ, ਜਸਪ੍ਰੀਤ ਢੱਟ, ਦਵਿੰਦਰ ਸੰਧੂ, ਕਸ਼ਮੀਰ ਪੰਨੂ ਮਹਿਤਪੁਰ, ਨਗਿੰਦਰ ਸਿੰਘ ਉਧੋਵਾਨ, ਗੁਰਮੁਖ ਸਿੰਘ ਚੱਕੋਵਾਲ, ਰਸ਼ਪਾਲ ਸਿੰਘ, ਮੱਖਣ ਸਿੰਘ ਟੋਡਰਪੁਰ, ਸੁਰਿੰਦਰ ਸਿੰਘ ਮਲਕਪੁਰ, ਰਵੇਲ ਸਿੰਘ ਮਲਕਪੁਰ, ਕੁਲਜੀਤ ਸਿੰਘ, ਸਰਵਣ ਸਿੰਘ ਲਾਦੀਆਂ, ਮੇਜਰ ਸਿੰਘ ਕੁਲਥਮ, ਜੱਗਾ ਸਿੰਘ ਰਾਣੇ, ਦੀਪੀ ਮੂਸਾਪੁਰ, ਜੀਤ ਸਰਹਾਲਾ ਰਾਣੂਆਂ, ਰਵਿੰਦਰ ਸਿੰਘ ਬਿੰਦਾ, ਮੇਜਰ ਸਿੰਘ ਅਠੌਲੀ ਆਦਿ ਹਾਜਰ ਸਨ।

# ਸਾਨੂੰ ਸਾਰਿਆਂ ਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਸਿੱਖਣ ਦੀ ਲੋੜ - ਵਿਧਾਇਕ ਗਰੇਵਾਲ



ਲੁਧਿਆਣਾ, 23 ਮਾਰਚ (ਸੁਖਚੈਨ ਮਹਿਰਾ) – ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਵਿਧਾਨ ਸਭਾ ਹਲਕਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ, ਲੁਧਿਆਣਾ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਜਗਰਾਉਂ ਪੁੱਲ ਤੇ ਸਥਾਪਿਤ ਸ਼ਹੀਦਾਂ ਦੇ ਬੁੱਤਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ।

ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਿਧਾਇਕ ਦਲਜੀਤ ਸਿੰਘ ਗਰੇਵਾਲ ਅਤੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਸਾਂਝੇ ਤੌਰ ਤੇ ਕਿਹਾ ਕਿ ਸਾਨੂੰ ਸਭਨਾਂ ਨੂੰ ਸ਼ਹੀਦਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਤੋਂ ਸੇਧ ਲੈਣੀ ਚਾਹੀਦੀ ਹੈ, ਜਿਨ੍ਹਾਂ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਦੇਸ਼ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ।

ਉਨ੍ਹਾਂ ਕਿਹਾ ਕਿ ਸਾਡੀ ਨੌਜਵਾਨ ਪੀੜੀ ਨੂੰ ਉਨਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ ਅਤੇ ਦ੍ਰਿੜਤਾ ਨਾਲ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਸਾਨੂੰ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲ ਕੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਸਾਡਾ ਸੂਬਾ, ਸਾਡਾ ਦੇਸ਼ ਹੋਰ ਤਰੱਕੀ ਕਰ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਇਹਨਾਂ ਸ਼ਹੀਦਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਦੀ ਬਿਹਤਰੀ ਅਤੇ ਦੇਸ਼ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਕੁਰਬਾਨੀਆਂ ਦਿੱਤੀਆਂ ਅਤੇ ਸਾਨੂੰ ਆਪਣੇ ਸ਼ਹੀਦਾਂ ਦੀ ਸੋਚ ਤੇ ਪਹਿਰਾ ਦੇਣ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸ਼ਹੀਦਾਂ ਵੱਲੋਂ ਦਰਸਾਏ ਮਾਰਗ ਤੇ ਚੱਲ ਕੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਨੌਜਵਾਨ ਪੀੜੀ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਨਸ਼ਿਆਂ ਦੇ ਖਿਲਾਫ ਯੁੱਧ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿਓ ਤਾਂ ਜੋ ਸਮਾਜ ਵਿੱਚ ਫੈਲੀਆਂ ਨਸ਼ੇ ਵਰਗੀਆਂ ਬੁਰਾਈਆਂ ਨੂੰ ਖਤਮ ਕੀਤਾ ਜਾ ਸਕੇ।

ਇਸ ਮੌਕੇ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਰਕਰ ਵੀ ਮੌਜੂਦ ਸਨ।

# ਕੋਪੇਸਟੇਟ ਦੇ ਹੋਲੀ ਮੇਲੇ ਤੇ ਵਿਜੇ ਅਤੇ ਅਜੇ ਕਪੂਰ ਨੇ ਵਿਧਾਨ ਸਭਾ ਸਪੀਕਰ, ਸੰਸਦ ਮੈਂਬਰ ਦਾ ਸਵਾਗਤ ਕੀਤਾ: ਭਾਰੀ ਭੀੜ



ਕਾਨਪੁਰ।(ਸੁਨੀਲ ਬਾਜਪਾਈ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਾਦਾ ਨਗਰ ਸਨਅਤੀ ਖੇਤਰ ਵਿੱਚ ਕੋਪੇਸਟੇਟ ਵੱਲੋਂ ਕਰਵਾਏ ਗਏ ਹੋਲੀ ਮੇਲੇ ਵਿੱਚ ਉੱਦਮੀਆਂ ਨੇ ਉਤਸ਼ਾਹ ਨਾਲ ਹੋਲੀ ਖੇਡੀ। ਭਜਨ ਸ਼ਾਮ ਵਿੱਚ ਭਜਨ ਗਾਇਕਾਂ ਨੇ ਭਜਨਾਂ ਦੀ ਆਪਣੀ ਸ਼ਾਨਦਾਰ ਪੇਸ਼ਕਾਰੀ ਨਾਲ ਲੋਕਾਂ ਦਾ ਮਨ ਮੋਹ ਲਿਆ। ਦਾਦਾ ਨਗਰ ਕੋਪ ਅਸਟੇਟ ਦੇ ਪ੍ਰਬੰਧਕੀ ਭਵਨ ਕੰਪਲੈਕਸ ਵਿੱਚ ਲੱਗੇ ਹੋਲੀ ਮੇਲੇ ਵਿੱਚ ਸ਼ਹਿਰ ਦੇ ਉੱਦਮੀਆਂ ਦੇ ਨਾਲ-ਨਾਲ ਵੱਡੀ ਗਿਣਤੀ ਵਿੱਚ ਵਪਾਰੀ ਅਤੇ ਆਮ ਲੋਕ ਵੀ ਪੁੱਜੇ। ਇੱਥੇ ਕੋਪੇਸਟੇਟ ਦੇ ਸੂਬਾ ਚੇਅਰਮੈਨ ਵਿਜੇ ਕਪੂਰ ਅਤੇ ਭਾਜਪਾ ਦੇ ਸੀਨੀਅਰ ਆਗੂ ਸਾਬਕਾ ਵਿਧਾਇਕ ਅਜੈ ਕਪੂਰ ਨੇ ਚੰਦਨ ਦਾ ਤਿਲਕ ਲਗਾ ਕੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ।

ਕੋਪੇਸਟੇਟ ਦੇ ਚੇਅਰਮੈਨ ਵਿਜੇ ਕਪੂਰ ਅਤੇ ਉੱਦਮੀ

ਅਤੇ ਆਮ ਲੋਕਾਂ ਨੇ ਫੁੱਲਾਂ ਨਾਲ ਹੋਲੀ ਖੇਡ ਕੇ ਅਤੇ ਹਰੀ ਗੁਲਾਲ ਲਗਾ ਕੇ ਅਤੇ ਗਲਵੱਕੜੀ ਪਾ ਕੇ ਹੋਲੀ ਦੀ ਵਧਾਈ ਦਿੱਤੀ।

ਇਸ ਮੌਕੇ ਚੇਅਰਮੈਨ ਵਿਜੇ ਕਪੂਰ ਨੇ ਕਿਹਾ ਕਿ ਹੋਲੀ ਇੱਕ ਪਵਿੱਤਰ ਤਿਉਹਾਰ ਹੈ ਜੋ ਸਾਨੂੰ ਬੁਰਾਈਆਂ ਨੂੰ ਤਿਆਗ ਕੇ ਚੰਗੇ ਨੂੰ ਅਪਣਾਉਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਸਾਬਕਾ ਵਿਧਾਇਕ ਅਜੇ ਕਪੂਰ ਨੇ ਕਿਹਾ ਕਿ ਇਹ ਤਿਉਹਾਰ ਪਿਆਰ, ਖਿਮਾ ਅਤੇ ਏਕਤਾ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਵਿਧਾਨ ਸਭਾ ਸਪੀਕਰ ਸਤੀਸ਼ ਮਹਾਨਾ, ਸੰਸਦ ਮੈਂਬਰ ਰਮੇਸ਼ ਅਵਸਥੀ, ਭਾਜਪਾ ਕਾਨਪੁਰ-ਬੁੰਦੇਲਖੰਡ ਦੇ ਪ੍ਰਧਾਨ ਪ੍ਰਕਾਸ਼ ਪਾਲ, ਪ੍ਰਮੋਦ ਜੈਸਵਾਲ, ਭਾਜਪਾ ਕੌਂਸਲਰ ਪਾਰਟੀ ਆਗੂ ਨਵੀਨ ਪੰਡਿਤ, ਪ੍ਰਕਾਸ਼ ਵੀਰ ਆਰੀਆ, ਅਮਰਦੀਪ ਪਾਂਡੇ, ਪ੍ਰੇਮਲਤਾ ਕਟਿਆਰ, ਸੀਨੀਅਰ ਵਕੀਲ ਉਦੈਵੀਰ ਸਿੰਘ ਗੌੜ, ਜਤਿੰਦਰ ਦਾਸ, ਸੁਰੇਸ਼ ਪੁਰੀ, ਹਰੀਸ਼ ਆਰ. ਸਿੰਘ, ਵਿਸ਼ਾਲ ਖੰਡੇਲਵਾਲ, ਕਾਰਤਿਕ ਕਪੂਰ, ਬਲਰਾਮ ਨਰੂਲਾ, ਸੀ.ਏ. ਗੋਪੀ ਅਗਰਵਾਲ, ਹਰਮੀਤ ਸਿੰਘ, ਨਵੀਨ ਮਲਹੋਤਰਾ, ਨਰੇਸ਼ ਪੰਜਾਬੀ, ਪੰਮੀ ਖੰਨਾ, ਸ਼ਿਸ਼ਿਰ ਚੌਰਸੀਆ, ਸ਼ਿਵ ਕੁਮਾਰ ਪ੍ਰਜਾਪਤੀ, ਅਨੂਪ ਕੁਸ਼ਵਾਹਾ, ਅਰੁਣ ਜੈਨ, ਅਸ਼ੋਕ ਜੁਨੇਜਾ, ਅਵਦਪਾਲ ਸਿੰਘ, ਬੌਬੀ ਕਪੂਰ, ਭੀਮਸੇਨ, ਨਰਿੰਦਰ ਗਰੋਵਰ, ਅੰਕੁਰ ਖੰਨਾ, ਸ਼ੰਮੀ ਮਲਹੋਤਰਾ, ਰਾਜਿੰਦਰ ਚੰਦਰਵ ਮਹਿਤਾ, ਰਾਜਿੰਦਰ ਚੰਦਰਵ ਮਹਿਤਾ, ਪ੍ਰਸ਼ੋਧਨ ਚੰਦਰਵ, ਤ੍ਰਿਭਵ, ਸਵ. ਪਾਹਵਾ ਸਮੇਤ ਸ਼ਹਿਰ ਦੇ ਸੈਂਕੜੇ ਉਦਯੋਗਪਤੀ ਅਤੇ ਪਤਵੰਤੇ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ,ਰਾਜਗੁਰੂ ਤੇ ਸੁਖਦੇਵ ਦੀ ਯਾਦ ਵਿੱਚ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਾਇਆ



ਲੁਧਿਆਣਾ (ਸੁਖਚੈਨ ਮਹਿਰਾ, )ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਸ਼ਹਾਦਤ ਨੂੰ ਸਮਰਪਿਤ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵੱਲੋਂ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 791ਵਾ ਮਹਾਨ ਖ਼ੂਨਦਾਨ ਕੈਂਪ ਜਸਵਿੰਦਰ ਸਿੰਘ ਜੱਸਾ ਸੁਪਰ ਸਪੀਡ ਫਿਟਨੈਸ ਜਿਮ ਦੇ ਸਹਿਯੋਗ ਨਾਲ ਗੁਰੂ ਨਾਨਕ ਨਗਰ, ਡਾਬਾ-ਲੋਹਾਰਾ ਰੋਡ ਵਿਖੇ ਲਗਾਇਆ ਗਿਆ। ਇਸ ਸਮੇਂ ਮਹਾਨ ਖ਼ੂਨਦਾਨ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਪੁਜੇ ਇਲਾਕੇ ਦੇ ਕੌਂਸਲਰ ਜਗਦੇਵ ਸਿੰਘ ਧੁੰਨਾਂ ਨੇ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਅਤੇ ਸਾਥੀਆਂ ਵੱਲੋਂ ਕੀਤੇ ਜਾ ਰਹੇ ਨਿਸ਼ਕਾਮ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਅਸੀਂ ਖ਼ੂਨਦਾਨ ਰਾਹੀਂ ਕਈ ਮਨੁੱਖੀ ਜ਼ਿੰਦਗੀਆ ਨੂੰ ਬਚਾ ਸਕਦੇ ਹਾਂ। ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਨੇ ਅਪਣਾ ਬਲਿਦਾਨ ਦੇ ਕੇ ਦੇਸ਼ ਆਜ਼ਾਦ ਕਰਵਾਉਣ ਵਿਚ ਅਹਿਮ ਰੋਲ ਨਿਭਾਇਆ ਸੀ ਇਨ੍ਹਾਂ ਸ਼ਹੀਦਾਂ ਦੀ ਬਦੌਲਤ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਸ਼ਹੀਦ ਦੇਸ਼ ਦਾ ਸਰਮਾਇਆ ਹਨ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਦੌਰਾਨ 50 ਬਲੱਡ ਯੂਨਿਟ ਸਿਵਿਲ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਹੋਏ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਲੈਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਪਰਦੀਪ ਲਾਹੌਰੀਆ, ਹੈਪੀ ਲੋਹਾਰਾ, ਵਿਪਨ ਕੁੰਦਰਾ, ਅੰਮ੍ਰਿਤਪਾਲ ਸਿੰਘ, ਰਾਜ ਪਾਂਡੇ, ਸੋਨੂ ਖਾਨ, ਅਜੇ ਕੁਮਾਰ, ਰੋਕੀ ਰਾਜਪੂਤ,ਸਰਬਜੀਤ ਸਿੰਘ ਸੋਹਲ ਆਦਿ ਹਾਜ਼ਰ ਸਨ

# ਸਾਹਿਤ ਵਿਗਿਆਨ ਕੇਂਦਰ (ਰਜਿ.)ਚੰਡੀਗੜ੍ਹ ਵੱਲੋਂ ਦਰਸ਼ਨ ਤਿਉਣਾ ਦਾ ਪੰਜਾਬੀ ਗੀਤ ਸੰਗ੍ਰਹਿ'ਲੱਪ ਕੁ ਹਾਸੇ,ਗਿੱਠ ਕੁ ਰੋਸੇ' ਹੋਇਆ ਲੋਕ ਅਰਪਣ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਾਹਿਤ ਵਿਗਿਆਨ ਕੇਂਦਰ ਚੰਡੀਗੜ ਵੱਲੋਂ ਟੀ.ਐਸ.ਸੈਂਟਰਲ ਸਟੇਟ ਲਾਇਬ੍ਰੇਰੀ ਚੰਡੀਗੜ੍ਹ ਦੇ ਸਹਿਯੋਗ ਨਾਲ ਦਰਸ਼ਨ ਤਿਉਣਾ ਦਾ ਪੰਜਾਬੀ ਗੀਤ ਸੰਗ੍ਰਹਿ 'ਲੱਪ ਕੁ ਹਾਸੇ,ਗਿੱਠ ਕੁ ਰੋਸੇ' ਦਾ ਲੋਕ ਅਰਪਣ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਸ਼੍ਰੀ ਦੀਪਕ ਸ਼ਰਮਾ ਚਨਾਰਥਲ (ਅੰਤਰਰਾਸ਼ਟਰੀ ਪੱਤਰਕਾਰ,ਲੇਖਕ ਅਤੇ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ) ਨੇ ਕੀਤੀ। ਜਗਦੀਸ਼ ਸਿੰਘ ਖੁਸ਼ਦਿਲ (ਸਾਬਕਾ ਜ਼ਿਲਾ ਅਤੇ ਸ਼ੈਸ਼ਨਜ਼ ਜੱਜ) ਮੁੱਖ ਮਹਿਮਾਨ ਅਤੇ ਨਥਵਿੰਦਰ ਸਿੰਘ ਪੰਡੋਰੀ(ਸੇਵਾ ਮੁਕਤ ਇੰਜਨੀਅਰ) ਵਿਸ਼ੇਸ਼ ਮਹਿਮਾਨ ਵਜੋਂ ਸ਼ੁਸ਼ੋਭਿਤ ਹੋਏ। ਕੇਂਦਰ ਦੇ ਸੁਹਿਰਦ ਮੈਂਬਰਾਂ ਵਲੋਂ ਇਹਨਾਂ ਸਤਿਕਾਰਤ ਸ਼ਖਸ਼ੀਅਤਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਕਾਰਜਕਾਰਨੀ ਪ੍ਰਧਾਨ ਸ਼੍ਰੀਮਤੀ ਪਰਮਜੀਤ ਕੌਰ ਪਰਮ ਨੇ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਤੇ ਅੱਜ ਦੇ ਸਮਾਗਮ ਦੀ ਰੂਪ-ਰੇਖਾ ਬਾਰੇ ਚਾਨਣਾ ਪਾਇਆ। ਦਰਸ਼ਨ ਤਿਉਣਾ ਦੇ ਪੰਜਾਬੀ ਗੀਤ ਸੰਗ੍ਰਹਿ ' ਲੱਪ ਕਿ ਹਾਸੇ,ਗਿੱਠ ਕੁ ਰੋਸੇ' ਦਾ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਣ ਕੀਤਾ ਗਿਆ। ਇਸ ਸਮੇਂ ਉਹਨਾਂ ਪਰਿਵਾਰਕ ਮੈਂਬਰ ਵੀ ਸ਼ਾਮਿਲ ਸਨ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਡਾ.ਅਵਤਾਰ ਸਿੰਘ ਪਤੰਗ ਨੇ ਗੀਤਾਂ ਬਾਰੇ ਬਹੁਤ ਹੀ ਵਿਸਥਾਰ ਨਾਲ ਦੱਸਿਆ ਤੇ ਲੇਖਕ ਦੇ ਗੀਤਾਂ ਦੀ ਬਹੁਤ ਸਰਾਹਨਾ ਕੀਤੀ। ਜਗਦੀਪ ਸਿੱਧੂ ਨੇ ਕਿਹਾ ਇਹ ਗੀਤ ਰਹਿਤਲ ਨਾਲ ਜੁੜੇ ਹੋਣ ਕਰਕੇ ਬਹੁਤ ਹੀ ਸ਼ਲਾਘਾਯੋਗ ਹਨ। ਵਿਸ਼ੇਸ਼ ਮਹਿਮਾਨ ਨਥਵਿੰਦਰ ਸਿੰਘ ਪੰਡੋਰੀ ਨੇ ਕਿਹਾ ਕਿ ਪੁਸਤਕ ਵਿਚਲੇ ਗੀਤ ਬੱਚਿਆਂ,ਜਵਾਨਾਂ ਅਤੇ ਬਜ਼ੁਰਗਾਂ ਸਭ ਵਾਸਤੇ ਪ੍ਰੇਰਨਾ ਸਰੋਤ ਹਨ । ਮੁੱਖ ਮਹਿਮਾਨ ਜਗਦੀਸ਼ ਸਿੰਘ ਖੁਸ਼ਦਿਲ ਨੇ ਗਜ਼ਲ ਤੇ ਗੀਤਾਂ ਦੀਆਂ ਵੱਖ-ਵੱਖ ਵਿਧਾਂਵਾਂ ਬਾਰੇ ਬਹੁਤ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਲੇਖਕ ਬਣਨਾ,ਆਪਣੀਆਂ ਲਿਖਤਾਂ ਕਾਗਜ਼ ਉੱਤੇ ਲਿਆਉਣਾ ਅਤੇ ਪਾਠਕਾਂ ਤੱਕ ਪਹੁੰਚਾਉਣਾ ਬਹੁਤ ਔਖਾ ਹੈ। ਪ੍ਰਧਾਨਗੀ ਕਰ ਰਹੇ ਦੀਪਕ ਸ਼ਰਮਾ ਚਨਾਰਥਲ ਨੇ ਅੱਜ ਦੇ ਸਮਾਗਮ ਨੂੰ ਨਾਲੇ ਗੱਲਾਂ ਤੇ ਨਾਲੇ ਗੀਤ ਵਰਗਾ ਸਮਾਗਮ ਦੱਸਿਆ।ਉਹਨਾਂ ਨੇ ਕਿਹਾ ਕਿ ਆਪਣਾ ਪੈਂਡਾ ਆਪ ਤੈਅ ਕਰੋ ਇਸ ਨਾਲ ਮੰਚ ਵੀ ਮਿਲਦਾ ਤੇ ਕਾਮਯਾਬੀ ਵੀ ਮਿਲਦੀ ਹੈ। ਬਲਵਿੰਦਰ ਢਿੱਲੋਂ, ਪ੍ਰਤਾਪ ਪਾਰਸ,ਭਰਪੂਰ ਸਿੰਘ, ਰਤਨ ਬਾਬਕ ਵਾਲਾ,ਹਰਿੰਦਰ ਹਰ,ਗੁਰਜੋਧ ਕੌਰ ਤੇ ਦਵਿੰਦਰ ਕੌਰ ਢਿੱਲੋਂ ਨੇ ਦਰਸ਼ਨ ਤਿਉਣਾ ਦੀ ਪੁਸਤਕ ਵਿੱਚੋਂ ਬਹੁਤ ਹੀ ਖੂਬਸੂਰਤ ਗੀਤ ਗਾ ਕੇ ਮਾਹੌਲ ਨੂੰ ਖੁਸ਼ਨੁਮਾ ਬਣਾ ਦਿੱਤਾ। ਦਰਸ਼ਨ ਸਿੰਘ ਸਿੱਧੂ ਨੇ ਕਿਤਾਬ ਵਿੱਚੋਂ ਬਹੁਤ ਸਾਰੇ ਗੀਤਾਂ ਦਾ ਬਹੁਤ ਵਧੀਆ ਵਿਸ਼ਲੇਸ਼ਣ ਕੀਤਾ। ਲੇਖਕ ਦੇ ਪਰਿਵਾਰਕ ਮੈਂਬਰਾਂ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਡਾ.ਅਵਤਾਰ ਸਿੰਘ ਪਤੰਗ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬਾਖੂਬੀ ਨਿਭਾਇਆ। ਭੁਪਿੰਦਰ ਸਿੰਘ ਭਾਗੋਂ ਮਾਜਰਾ ਨੇ ਸਾਰੇ ਸਮਾਗਮ ਦੀ ਬਹੁਤ ਵਧੀਆ ਕਵਰੇਜ ਕੀਤੀ।ਦਰਸ਼ਨ ਤਿਉਣਾ ਵਲੋਂ ਪੁਸਤਕ ਵਿੱਚੋਂ ਗੀਤ ਗਾਉਣ ਵਾਲੇ ਗਾਇਕਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਤੋਂ ਇਲਾਵਾ ਰਾਜਵਿੰਦਰ ਸਿੰਘ ਗੱਡੂ, ਭੁਪਿੰਦਰ ਮਲਿਕ,ਪੰਮੀ ਸਿੱਧੂ ਸੰਧੂ,ਮਲਕੀਅਤ ਬਸਰਾ, ਹਰਭਜਨ ਕੌਰ ਢਿੱਲੋਂ,ਜਗਦੀਪ ਸਿੱਧੂ,ਪ੍ਰਲਾਦ ਸਿੰਘ,ਨਿਰਮਲ ਸਿੰਘ,ਹਰਜੀਤ ਸਿੰਘ,ਸੁਰਜੀਤ ਸੁਮਨ,ਰਜਿੰਦਰ ਧੀਮਾਨ,ਪਾਲ ਅਜਨਬੀ,ਬਹਾਦਰ ਸਿੰਘ ਗੋਸਲ,ਬਲਜੀਤ ਕੌਰ ਬੁੱਟਰ ਢਿੱਲੋਂ, ਸੁਰਿੰਦਰ ਗਿੱਲ,ਨਰਿੰਦਰ ਲੌਂਗੀਆ,ਰਜਿੰਦਰ ਰੇਨੂੰ,ਲਾਭ ਸਿੰਘ ਲਹਿਲੀ,ਸਰਬਜੀਤ ਸਿੰਘ,ਗੁਰਮੇਲ ਸਿੰਘ ਮੌਜੋਵਾਲ,ਸਵੈਰਾਜ ਸੰਧੂ,ਇੰਦਰਜੀਤ ਸਿੰਘ ਜਾਵਾ,ਸੁਨੀਤਾ ਰਾਣੀ,ਕ੍ਰਿਸ਼ਨਾ ਅੱਤਰੀ, ਸਿਮਰਜੀਤ ਗਰੇਵਾਲ,ਜਸ਼ਨਦੀਪ ਸ਼ਰਮਾ,ਅਰਸ਼ਦੀਪ ਸ਼ਰਮਾ, ਹਰਬੰਸ ਸੋਢੀ,ਨੀਲਮ ਨਾਰੰਗ,ਪਿਆਰਾ ਸਿੰਘ ਰਾਹੀ, ਸੁਖਪ੍ਰੀਤ ਸਿੰਘ,ਲਾਲੀ,ਬਾਬੂ ਰਾਮ ਦੀਵਾਨਾ,ਅਮਰਜੀਤ ਬਠਲਾਣਾ, ਦਿਲਬਾਗ ਸਿੰਘ,ਤਰਸੇਮ ਰਾਜ,ਤਿਲਕ ਸੇਠੀ,ਡਾ.ਮਨਜੀਤ ਸਿੰਘ ਬੱਲ ਅਤੇ ਕੰਚਨ ਭੱਲਾ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਏ।





# ਭਾਈ ਘੱਨਈਆ ਜੀ ਮਿਸ਼ਨ ਵੱਲੋਂ ਸ਼ਹੀਦ ਭਗਤ ਸਿੰਘ,ਰਾਜਗੁਰੂ ਤੇ ਸੁਖਦੇਵ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਾਇਆ





ਲੁਧਿਆਣਾ (ਸੁਖਚੈਨ ਮਹਿਰਾ) ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਸ਼ਹਾਦਤ ਨੂੰ ਸਮਰਪਿਤ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵੱਲੋਂ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 790ਵਾ ਮਹਾਨ ਖ਼ੂਨਦਾਨ ਕੈਂਪ ਵਿਕਾਸ ਗੁਪਤਾ ਮਸਲ ਮਾਈਂਡ ਫਿਟਨੈਸ ਜਿਮ ਦੇ ਸਹਿਯੋਗ ਨਾਲ ਏ.ਟੀ.ਆਈ ਰੋਡ ਨੇੜੇ ਇੱਟਾਂ ਵਾਲਾ ਚੌਂਕ ਵਿਖੇ ਲਗਾਇਆ ਜਾ ਰਿਹਾ ਹੈ ਇਸ ਸਮੇਂ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਨੇ ਕਿਹਾ ਵੱਡੀਆਂ ਬੀਮਾਰੀਆਂ ਤੋਂ ਬਚਣ ਲਈ ਹਰ ਤੰਦਰੁਸਤ ਇਨਸਾਨ ਤਿੰਨ ਮਹੀਨੇ ਬਾਅਦ ਖ਼ੂਨਦਾਨ ਕਰਨਾ ਚਾਹੀਦਾ, ਖ਼ੂਨਦਾਨ ਕਰਨ ਨਾਲ ਸ਼ਰੀਰ ਨੂੰ ਬਹੁਤ ਸਾਰੇ ਫਾਇਦੇ ਮਿਲਦੇ ਉਥੇ ਅਸੀਂ ਖ਼ੂਨਦਾਨ ਕੈਂਪ ਕਈ ਮਨੁੱਖੀ ਜ਼ਿੰਦਗੀਆ ਨੂੰ ਬਚਾ ਸਕਦੇ ਹਾਂ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਕਿਹਾ ਉਘੇ ਸਮਾਜ ਸੇਵੀ ਦਲੀਪ ਕੁਮਾਰ ਤੇ ਉਨ੍ਹਾਂ ਦੇ ਸਪੁਤਰ ਰਾਹੁਲ (ਪਿਤਾ-ਪੁਤਰ) ਨੇ ਖ਼ੂਨਦਾਨ ਕਰਕੇ ਸਮਾਜ ਦੇ ਲਈ ਪ੍ਰੇਰਣਾ ਸਰੋਤ ਬਣੇ। ਇਸ ਮੌਕੇ ਤੇ ਸੁਸਾਇਟੀ ਦੇ ਮੀਤ ਪ੍ਰਧਾਨ ਬਲਦੇਵ ਸਿੰਘ ਸੰਧੂ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਦੌਰਾਨ 50 ਬਲੱਡ ਯੂਨਿਟ ਗੁਰੂ ਨਾਨਕ ਚੈਰੀਟੇਬਲ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਹੋਏ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਲੈਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਗੁਰਮੀਤ ਸਿੰਘ ਬੋਬੀ, ਜਸਵੀਰ ਸਿੰਘ,ਫੋਜੀ ਬਿਲਗਾ,ਡਾਬਾ, ਮਨਮੀਤ ਕੌਰ,ਰਾਹੁਲ,ਵਿਵੇਕ, ਵੰਸ਼,ਗੁਰਵਿੰਦਰ ਸਿੰਘ,ਆਰੀਅਨ, ਵਰੁਣ, ਆਦਰਸ਼, ਲਕਸ਼ਮਣ ਸਿੰਘ ਆਦਿ ਹਾਜ਼ਰ ਸਨ

# ਪੰਜਾਬ ਵਿੱਚ ਵੈਟਨਰੀ ਇੰਸਪੈਕਟਰ ਦੀਆਂ 300 ਅਸਾਮੀਆਂ ਤੇ ਭਰਤੀ ਦੀ ਮੰਗ, ਯੂਨੀਅਨ ਨੇ ਕੈਬਨਿਟ ਮੰਤਰੀ ਨੂੰ ਦਿੱਤਾ ਮੰਗ ਪੱਤਰ



ਫਾਜ਼ਿਲਕਾ - ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵਿੱਚ ਵੈਟਨਰੀ ਇੰਸਪੈਕਟਰ ਦੀਆਂ ਲਗਭਗ 300 ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੀ ਮੰਗ ਨੂੰ ਲੈ ਕੇ ਬੇਰੋਜ਼ਗਾਰ ਵੈਟਨਰੀ ਇੰਸਪੈਕਟਰ ਯੂਨੀਅਨ ਨੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਮੰਗ ਪੱਤਰ ਸੌਂਪਿਆ। ਇਹ ਮੰਗ ਪੱਤਰ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਉਨ੍ਹਾਂ ਦੇ ਨਿੱਜੀ ਨਿਵਾਸ ਤੇ ਇਕੱਠ ਕਰਕੇ ਦਿੱਤਾ ਗਿਆ, ਜਿੱਥੇ ਵੈਟਨਰੀ ਇੰਸਪੈਕਟਰ ਯੂਨੀਅਨ ਦਾ ਵਫਦ ਹਾਜ਼ਰ ਰਿਹਾ। ਯੂਨੀਅਨ ਦੇ ਆਗੂਆਂ ਨੇ ਪਸ਼ੂ ਪਾਲਣ ਵਿਭਾਗ ਵਿੱਚ ਵੈਟਨਰੀ ਇੰਸਪੈਕਟਰ ਦੀ ਘਾਟ ਨੂੰ ਗੰਭੀਰ ਮੁੱਦਾ ਦੱਸਦੇ ਹੋਏ ਸਰਕਾਰ ਕੋਲੋਂ ਤੁਰੰਤ ਨਵੀਆਂ ਭਰਤੀਆਂ ਦੀ ਮੰਗ ਕੀਤੀ। ਯੂਨੀਅਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨੌਕਰੀਆਂ ਦੀ ਭਰਤੀ ਵਿੱਚ ਹੋ ਰਹੀ ਦੇਰੀ ਜਾਰੀ ਰਹੀ ਤਾਂ ਉਨ੍ਹਾਂ ਨੂੰ ਸੰਘਰਸ਼ ਤੇਜ਼ ਕਰਨਾ ਪਵੇਗਾ। ਵੈਟਨਰੀ ਇੰਸਪੈਕਟਰ ਯੂਨੀਅਨ ਨਾਲ ਗੱਲਬਾਤ ਦੌਰਾਨ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਯਕੀਨ ਦਿਵਾਇਆ ਕਿ ਨਵੀਆਂ ਭਰਤੀਆਂ ਜਲਦੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੇਰੋਜ਼ਗਾਰ ਯੁਵਕਾਂ ਦੀ ਚਿੰਤਾ ਕਰ ਰਹੀ ਹੈ ਅਤੇ ਸਰਕਾਰੀ ਵਿਭਾਗਾਂ ਵਿੱਚ ਵੱਧ ਤੋਂ ਵੱਧ ਨੌਕਰੀਆਂ ਦੇਣ ਲਈ ਪ੍ਰਤੀਬੱਧ ਹੈ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਗੌਰਵ ਕੁਮਾਰ, ਉਪ ਪ੍ਰਧਾਨ ਰਮਨਦੀਪ ਬਰਾੜ, ਵਿਨੋਦ ਕੁਮਾਰ, ਸੁਖਵਿੰਦਰ ਬਰਾੜ, ਅਨਿਲ ਕੁਮਾਰ, ਰੋਹਿਤ ਕੰਬੋਜ, ਕੇਸ਼ਵ, ਅਮਰਦੀਪ ਸਿੰਘ ਆਦਿ ਹਾਜ਼ਰ ਸਨ।

# ਜੇਸੀਟੀ ਮਿਲ ਮਜਦੂਰਾਂ ਨੇ ਖੇਤਰੀ ਪੀ.ਐਫ. ਦਫਤਰ ਜਲੰਧਰ ਖਿਲਾਫ ਮਿਲ ਦੇ ਗੇਟ 'ਤੇ ਦਿੱਤਾ ਧਰਨਾ



ਫਗਵਾੜਾ ( ਸੁਸ਼ੀਲ ਸ਼ਰਮਾ ) ਜੇਸੀਟੀ ਮਿਲ ਮਜਦੂਰਾਂ ਨੇ ਅੱਜ ਰਿਜਨਲ ਪੀ.ਐਫ. ਵਿਭਾਗ ਜਲੰਧਰ ਵਲੋਂ ਜੇਸੀਟੀ ਮਿਲ ਮਾਲਕਾਂ ਅਤੇ ਪ੍ਰਬੰਧਕਾਂ ਖਿਲਾਫ ਕੋਈ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਜੋਂ ਮਿਲ ਦੇ ਗੇਟ 'ਤੇ ਧਰਨਾ ਲਗਾਇਆ। ਧਰਨੇ ਦੌਰਾਨ ਸ਼ਿਵ ਸੈਨਾ ਯੂ.ਬੀ.ਟੀ. ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਵਿਸ਼ੇਸ਼ ਤੌਰ ਤੇ ਮਜਦੂਰਾਂ ਦੇ ਹੱਕ ਵਿਚ ਸਮਰਥਨ ਦੇਣ ਲਈ ਪਹੁੰਚੇ। ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਥਾਪਰ ਕਲੋਨੀ ਦੇ ਨਗਰ ਕੌਂਸਲਰ ਰਵੀ ਸਿੱਧੂ ਨਵਲ ਕਿਸ਼ੋਰ ਸਿੰਘ ਨੇ ਦੱਸਿਆ ਕਿ ਖੇਤਰੀ ਪੀ.ਐਫ. ਦਫਤਰ ਜਲੰਧਰ ਦਸੰਬਰ-2022 ਤੋਂ ਹੁਣ ਤੱਕ ਜੇਸੀਟੀ ਮਿਲ ਮਾਲਕਾਂ ਵਿਰੁੱਧ ਕੋਈ ਕਾਰਵਾਈ ਕਰਨ ਵਿੱਚ ਅਸਫਲ ਰਿਹਾ ਹੈ। ਜੇਸੀਟੀ ਦੇ ਪੀ.ਐਫ. ਟਰੱਸਟ ਦਾ ਵਿਭਾਗ ਵਲੋਂ ਹਰ ਤਿੰਨ ਮਹੀਨੇ ਬਾਅਦ ਆਡਿਟ ਕੀਤਾ ਜਾਂਦਾ ਸੀ, ਫਿਰ ਵੀ 2022 ਤੋਂ ਉਨ੍ਹਾਂ ਦੁਆਰਾ ਕੋਈ ਸੁਧਾਰਾਤਮਕ ਉਪਾਅ ਨਹੀਂ ਕੀਤੇ ਗਏ। ਹਰ ਨਿਰੀਖਣ ਦੌਰੇ ਦੌਰਾਨ ਅਧਿਕਾਰੀਆਂ ਨੇ ਕੰਪਨੀ ਦੇ ਗੈਸਟ ਹਾਊਸਾਂ ਵਿੱਚ ਮਹਿਮਾਨ ਨਿਵਾਜ਼ੀ ਦਾ ਆਨੰਦ ਮਾਣਿਆ ਗਿਆ। ਇਸ ਪੀ.ਐਫ. ਘੁਟਾਲੇ ਵਿੱਚ ਵਿਭਾਗੀ ਅਧਿਕਾਰੀਆਂ ਦੀ ਮਿਲੀਭੁਗਤ ਦਾ ਦੋਸ਼ ਲਗਾਉਂਦੇ ਹੋਏ ਬੁਲਾਰਿਆਂ ਨੇ ਕਿਹਾ ਕਿ ਅਧਿਕਾਰੀ ਸਿਰਫ ਜਮਾਂ ਕਰਵਾਈ ਗਈ ਰਕਮ ਅਤੇ ਪੇਸ਼ ਕੀਤੇ ਗਏ ਚਲਾਨਾਂ ਦੇ ਅਧਾਰ ਤੇ ਭੁਗਤਾਨਾਂ 'ਤੇ ਧਿਆਨ ਕੇਂਦਰਿਤ ਕਰ ਰਹੇ ਹਨ, ਮਜਦੂਰਾਂ ਦੀਆਂ ਤਨਖਾਹਾਂ ਵਿੱਚੋਂ ਕੱਟੀਆਂ ਗਈਆਂ ਰਕਮਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਉਹਨਾਂ ਨੇ ਪੀ.ਐਫ. ਟਰੱਸਟ ਫੰਡਾਂ ਵਿੱਚੋਂ ਪੀ.ਐਫ. ਅਤੇ ਵੀ.ਪੀ.ਐਫ. ਦਾ ਪੂਰਾ ਅਤੇ ਅੰਤਿਮ ਨਿਪਟਾਰਾ ਕਰਨ ਦੀ ਮੰਗ ਵੀ ਕੀਤੀ ਅਤੇ ਕਿਹਾ ਕਿ ਸਾਰੇ ਮਜਦੂਰਾਂ ਦੇ ਦਾਅਵਿਆਂ ਦਾ ਨਿਪਟਾਰਾ ਕਰਨ ਲਈ ਕਾਫ਼ੀ ਫੰਡ ਉਪਲਬਧ ਹਨ। ਆਰ.ਪੀ.ਐਫ.ਓ. ਜਲੰਧਰ ਵਲੋਂ ਮਿਲ ਮਾਲਕ ਸਮੀਰ ਥਾਪਰ, ਮੁਕੁਲਿਕਾ ਸਿਨਹਾ ਅਤੇ ਹੋਰ ਟਰੱਸਟੀਆਂ ਤੋਂ ਰਕਮ ਵਸੂਲ ਕੀਤੀ ਜਾਵੇ। ਧਰਨੇ ਵਿਚ ਮੌਜੂਦ ਸਮੂਹ ਮਿਲ ਮਜਦੂਰਾਂ ਨੇ ਕਿਹਾ ਕਿ ਮਿਲ ਨੂੰ ਬੰਦ ਕਰਨਾ ਗੈਰ-ਕਾਨੂੰਨੀ ਹੈ ਪਰ ਨਾ ਤਾਂ ਰਾਜ ਸਰਕਾਰ, ਕਿਰਤ ਵਿਭਾਗ ਤੇ ਨਾ ਹੀ ਫੈਕਟਰੀ ਵਿਭਾਗ ਨੇ ਮਿਲ ਮਾਲਕਾਂ ਵਿਰੁੱਧ ਕੋਈ ਸਖ਼ਤ ਕਾਰਵਾਈ ਕੀਤੀ ਹੈ। ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਕੋਈ ਯਤਨ ਨਹੀਂ ਕੀਤਾ ਗਿਆ। ਜਿਸ ਨੂੰ ਲੈ ਕੇ ਮਿਲ ਮਜਦੂਰਾਂ ਵਿਚ ਭਾਰੀ ਰੋਸ ਹੈ। ਪੁਲਿਸ ਨੇ ਵੀ ਐਫ.ਆਈ.ਆਰ. ਦਰਜ ਕਰਨ ਦੀ ਸਿਰਫ ਖਾਨਾਪੂਰਤੀ ਕੀਤੀ ਹੈ। ਧਰਨਾਕਾਰੀਆਂ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੁਪ ਨੂੰ ਲੈ ਕੇ ਵੀ ਤਿੱਖਾ ਰੋਸ ਸੀ। ਕਿਉਂਕਿ ਪੰਜਾਬ ਸਰਕਾਰ ਇਕ ਪਾਸੇ ਸੂਬੇ ਵਿਚ ਇੰਡਸਟਰੀ ਨੂੰ ਉਤਸ਼ਾਹਤ ਕਰਨ ਦੀ ਗੱਲ ਕਰਦੀ ਹੈ ਪਰ ਦੂਸਰੇ ਪਾਸੇ ਜੇਸੀਟੀ ਮਿਲ ਫਗਵਾੜਾ ਅਤੇ ਹੁਸ਼ਿਆਰਪੁਰ ਦੇ ਹਜ਼ਾਰਾਂ ਮਜਦੂਰ ਆਪਣੀਆਂ ਨੌਕਰੀਆਂ ਗੁਆ ਚੁੱਕੇ ਹਨ। ਇਸ ਦੌਰਾਨ ਡਿਊਟੀ ਮੈਜਿਸਟ੍ਰੇਟ ਰਾਜੀਵ ਉੱਪਲ ਅਤੇ ਐਸ.ਐਚ.ਓ. ਸਿਟੀ ਗੌਰਵ ਧੀਰ ਧਰਨਾਕਾਰੀਆਂ ਨਾਲ ਗੱਲਬਾਤ ਕਰਨ ਲਈ ਮੌਕੇ ਤੇ ਪੁੱਜੇ ਅਤੇ ਮਿਲ ਮਜਦੂਰਾਂ ਤੋਂ ਉਹਨਾਂ ਦਾ ਮੰਗ ਪੱਤਰ ਪ੍ਰਾਪਤ ਕਰਦਿਆਂ ਉਹਨਾਂ ਦੀਆਂ ਮੰਗਾਂ ਨੂੰ ਜਾਇਜ ਦਸਦਿਆਂ ਹਮਦਰਦੀ ਦਾ ਪ੍ਰਗਟਾਵਾ ਕੀਤਾ ਅਤੇ ਭਰੋਸਾ ਦਿੱਤਾ ਕਿ ਉਹ ਸਰਕਾਰ ਦਰਬਾਰ ਤੱਕ ਉਹਨਾਂ ਦੀਆਂ ਮੰਗਾਂ ਨੂੰ ਪਹੁੰਚਾਉਣਗੇ। ਸ਼ਿਵ ਸੈਨਾ ਆਗੂ ਕਮਲ ਸਰੋਜ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੀ.ਐਫ. ਵਿਭਾਗ ਨੇ ਦੋਸ਼ੀ ਮਿਲ ਮਾਲਕਾਂ, ਟਰੱਸਟੀਆਂ ਅਤੇ ਵਿਭਾਗੀ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਨਾ ਕੀਤੀ ਤਾਂ ਸ਼ਿਵ ਸੈਨਾ ਮਜਦੂਰਾਂ ਦੇ ਹੱਕ ਵਿਚ ਫਗਵਾੜਾ ਅਤੇ ਹੁਸ਼ਿਆਰਪੁਰ ਦੇ ਸਮੂਹ ਜੇਸੀਟੀ ਮਿਲ ਮਜਦੂਰਾਂ ਨੂੰ ਨਾਲ ਲੈ ਕੇ ਪੀ.ਐਫ. ਕਮਿਸ਼ਨਰ ਦਾ ਘੇਰਾਓ ਕਰੇਗੀ। ਇਸ ਮੌਕੇ ਉਮੇਸ਼ ਗਿਰੀ, ਮਦਨ ਮਿਸ਼ਰਾ, ਸਤਿਆ ਨਾਰਾਇਣ ਸਿੰਘ, ਬੱਚੂ ਸਿੰਘ, ਦੇਵਨਾਥ ਸਿੰਘ, ਧੀਰਜ ਉਪਾਧਿਆਏ, ਜਤਿੰਦਰ, ਰਾਮ ਈਸ਼ਵਰ, ਰਵਿੰਦਰ ਯਾਦਵ, ਰਘੁਨਾਥ, ਪਵਨ ਸਿੰਘ, ਰਾਜਿੰਦਰ ਵਰਮਾ, ਰਜਨੀਸ਼ ਕੰਡਾ, ਰਾਮ ਕੁਮਾਰ, ਅਨਿਲ ਮਿਸ਼ਰਾ, ਸੰਦੀਪ ਕੁਮਾਰ, ਰਾਮ ਪਰਵੇਸ਼ ਮਿਸ਼ਰਾ, ਸ਼ਿਵ ਨਾਰਾਇਣ, ਵਿਨੋਦ ਸਿੰਘ, ਰਿੱਧੀ, ਗੀਨਾ, ਮਮਤਾ ਸਿੱਧੂ, ਸ਼ਾਰਦਾ ਦੇਵੀ, ਮੀਨੂੰ ਪਾਲ, ਡਾ. ਸ਼ਿਲਪਾ, ਸੁਨੀਤਾ ਕੌਸ਼ਲ, ਗੀਤਾ ਤਿਵਾਰੀ ਆਦਿ ਹਾਜਰ ਸਨ।

# ਪਿਆਰ ਕਦੇ ਵੀ ਕੱਦ ਨਹੀਂ ਵੇਖਦਾ ! ਮਾਹੀ ਮੇਰਾ ਨਿੱਕਾ ਜਿਹਾ ਦਾ ਪ੍ਰੀਮਿਅਰ ਇਸ ਐਤਵਾਰ ਜ਼ੀ ਪੰਜਾਬੀ 'ਤੇ !




ਤਿਆਰ ਹੋ ਜਾਓ ਹੱਸਣ ਤੇ ਪਿਆਰ ਭਰੀ ਇੱਕ ਖਾਸ ਕਹਾਣੀ ਲਈ! ਜ਼ੀ ਪੰਜਾਬੀ ਲੈ ਕੇ ਆ ਰਿਹਾ ਹੈ ਮਾਹੀ ਮੇਰਾ ਨਿੱਕਾ ਜਿਹਾ ਦਾ ਵਿਸ਼ਵ ਟੈਲੀਵਿਜ਼ਨ ਪ੍ਰੀਮਿਅਰ, ਇਸ ਐਤਵਾਰ, ਦੁਪਹਿਰ 1 ਵਜੇ।

ਪੁਖਰਾਜ ਭੱਲਾ ਅਤੇ ਹਸ਼ਨਿਨ ਚੌਹਾਨ ਮੁੱਖ ਭੂਮਿਕਾਵਾਂ ਵਿੱਚ ਹਨ, ਜੋ ਪਿਆਰ ਦੀ ਇੱਕ ਅਨੋਖੀ ਕਹਾਣੀ ਲੈ ਕੇ ਆ ਰਹੇ ਹਨ—ਜਦ ਇੱਕ ਛੋਟੇ ਕੱਦ ਵਾਲਾ ਮੁੰਡਾ ਇੱਕ ਉੱਚੇ ਕੱਦ ਦੀ ਕੁੜੀ ਨਾਲ ਪਿਆਰ ਕਰ ਬੈਠਦਾ ਹੈ। ਪਰਿਵਾਰ ਵਲੋਂ ਹੋਣ ਵਾਲੀ ਰੋਕ-ਟੋਕ, ਹਾਸਿਆਂ ਭਰੀ ਘਟਨਾਵਾਂ ਅਤੇ ਜਜਬਾਤੀ ਮੋੜ ਇਸ ਫਿਲਮ ਨੂੰ ਹੋਰ ਵੀ ਖਾਸ ਬਣਾਉਂਦੇ ਹਨ। ਕੀ ਪਿਆਰ ਸਭ ਕੁਝ ਜਿੱਤ ਲਵੇਗਾ ਜਾਂ ਸਮਾਜਕ ਰਵਾਇਤਾਂ ਦੀ ਕੰਧ ਵਧਾ ਬਣੇਗੀ ?

ਜ਼ੀ ਪੰਜਾਬੀ ਹਮੇਸ਼ਾ ਆਪਣੇ ਦਰਸ਼ਕਾਂ ਲਈ ਮਨੋਰੰਜਕ ਅਤੇ ਜ਼ਿੰਦਗੀ ਨਾਲ ਜੁੜੀਆਂ ਕਹਾਣੀਆਂ ਲੈ ਕੇ ਆਉਂਦਾ ਹੈ, ਅਤੇ ਇਹ ਐਤਵਾਰ ਦੀ ਇਹ ਖਾਸ ਪੇਸ਼ਕਸ਼ ਵੀ ਕੋਈ ਵੱਖਰੀ ਨਹੀਂ। ਦੁਪਹਿਰ 1 ਵਜੇ ਆਪਣੇ ਪਰਿਵਾਰ ਨਾਲ ਹੱਸੋ, ਰੋਮਾਂਚ ਮਹਿਸੂਸ ਕਰੋ ਅਤੇ ਪਿਆਰ ਭਰੀ ਇਸ ਦਿਲਚਸਪ ਕਹਾਣੀ ਦਾ ਆਨੰਦ ਮਾਣੋ।

# ਖ਼ਾਲਸਾ ਕਾਲਜ ਦਾ ਉੱਘੇ ਪੰਜਾਬੀ ਵਿਦਵਾਨ ਡਾ. ਆਤਮ ਸਿੰਘ ਰੰਧਾਵਾ ਨੂੰ ਪ੍ਰਿੰਸੀਪਲ ਥਾਪਿਆ



ਅੰਮ੍ਰਿਤਸਰ, ( )—ਖਾਲਸਾ ਕਾਲਜ ਗਵਰਨਿੰਗ ਕੌਂਸਲ ਨੇ ਅੱਜ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਪੰਜਾਬੀ ਅਧਿਐਨ ਦੇ ਵਿਦਵਾਨ ਡਾ. ਆਤਮ ਸਿੰਘ ਰੰਧਾਵਾ ਨੂੰ ਇਤਿਹਾਸਕ ਖਾਲਸਾ ਕਾਲਜ ਦਾ ਨਵਾਂ ਪ੍ਰਿੰਸੀਪਲ ਨਿਯੁਕਤ ਕੀਤਾ ਹੈ। ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸ: ਰੰਧਾਵਾ ਨੂੰ ਕੌਂਸਲ ਦੇ ਉਚ ਅਹੁੱਦੇਦਾਰਾਂ, ਸਮੂੰਹ ਕਾਲਜ ਸਟਾਫ਼ ਆਦਿ ਦੀ ਮੌਜ਼ੂਦਗੀ 'ਚ ਪ੍ਰਿੰਸੀਪਲ ਵਜੋਂ ਕਾਰਜਭਾਰ ਸੌਂਪਿਆ। ਡਾ. ਰੰਧਾਵਾ ਜੋ ਕਿ ਪੰਜਾਬੀ 'ਚ ਪੀ.ਐਚ. ਡੀ. ਹਨ, ਦਾ ਅਧਿਆਪਨ 'ਚ 25 ਸਾਲ ਤੋਂ ਵਧੇਰੇ ਦਾ ਤਜਰਬਾ ਹੈ।

ਡਾ. ਰੰਧਾਵਾ ਕਾਲਜ ਵਿਖੇ ਐਸੋਸੀਏਟ ਪ੍ਰੋਫੈਸਰ ਅਤੇ ਪੰਜਾਬੀ ਅਧਿਐਨ ਵਿਭਾਗ ਦੇ ਮੁਖੀ ਵਜੋਂ ਸੇਵਾਵਾਂ ਨਿਭਾਅ ਰਹੇ ਸਨ। ਉਨ੍ਹਾਂ ਨੇ 200 ਤੋਂ ਵੱਧ ਪ੍ਰਕਾਸ਼ਨ ਅਤੇ ਖੋਜ ਪੱਤਰ ਆਪਣੇ ਨਾਮ ਦਰਜ ਕਰਵਾਏ ਹਨ। ਉਨ੍ਹਾਂ ਦੀ ਚੋਣ ਵਿਧੀ ਦੁਆਰਾ ਸਥਾਪਿਤ ਚੋਣ ਕਮੇਟੀ ਵੱਲੋਂ ਅੱਜ ਆਯੋਜਿਤ ਇੰਟਰਵਿਊ ਦੌਰਾਨ ਕੀਤੀ ਗਈ। ਇਸ ਮੌਕੇ ਸ: ਰੰਧਾਵਾ ਨੇ ਦਫ਼ਤਰ ਵਿਖੇ ਅਹੁੱਦੇ ਸੰਭਾਲਣ ਉਪਰੰਤ ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ ਅਤੇ ਸ: ਛੀਨਾ ਸਮੇਤ ਸਮੂੰਹ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਸੰਨ 1892 'ਚ ਸਥਾਪਿਤ ਇਸ ਇਤਿਹਾਸਕ ਖ਼ਾਲਸਾ ਕਾਲਜ ਦੀ ਸੇਵਾ ਕਰਨ ਲਈ ਵਿਸ਼ਵਾਸ ਪ੍ਰਗਟਾਉਂਦਿਆਂ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਦਾ ਵਾਅਦਾ ਕੀਤਾ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਅਰਵਿੰਦਰ ਕੌਰ ਕਾਹਲੋਂ ਅਤੇ ਹੋਰ ਸੀਨੀਅਰ ਫੈਕਲਟੀ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਵੱਲੋਂ ਡਾ. ਰੰਧਾਵਾ ਦਾ ਪ੍ਰਿੰਸੀਪਲ ਵਜੋਂ ਅਹੁੱਦੇ 'ਤੇ ਬਿਰਾਜਮਾਨ ਹੋਣ 'ਤੇ ਸਵਾਗਤ ਕੀਤਾ ਗਿਆ।

ਇਸ ਮੌਕੇ ਸ: ਛੀਨਾ ਨੇ ਡਾ. ਰੰਧਾਵਾ 'ਤੇ ਉਮੀਦ ਜਾਹਿਰ ਕਰਦਿਆਂ ਸਵਾਗਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਪੜ੍ਹਾਉਣ ਦਾ ਬਹੁਤ ਵੱਡਾ ਤਜਰਬਾ ਹੈ ਅਤੇ ਕਾਲਜ ਦੇ ਪ੍ਰਸ਼ਾਸ਼ਨਿਕ ਮਾਮਲਿਆਂ 'ਚ ਵੀ ਉਨ੍ਹਾਂ ਦਾ ਯੋਗਦਾਨ ਅਹਿਮ ਰਿਹਾ ਹੈ। ਉਨ੍ਹਾਂ ਕਿਹਾ ਕਿ ਡਾ. ਰੰਧਾਵਾ ਪੰਜਾਬੀ ਅਧਿਐਨ ਦੇ ਖੇਤਰ 'ਚ ਇਕ ਜਾਣਿਆ-ਪਛਾਣਿਆ ਨਾਮ ਹੈ ਅਤੇ ਕਾਲਜ 'ਚ ਜੀ-20 ਅਤੇ ਅੰਤਰਰਾਸ਼ਟਰੀ ਸਾਹਿਤਕ ਪ੍ਰੋਗਰਾਮਾਂ ਅਤੇ ਪੁਸਤਕ ਮੇਲਿਆਂ ਸਮੇਤ ਵੱਖ-ਵੱਖ ਮੈਗਾ ਸਮਾਗਮਾਂ ਦੇ ਆਯੋਜਨ 'ਚ ਸਹਿਯੋਗ ਦਿੰਦਿਆਂ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹੇ ਹਨ। ਸ: ਛੀਨਾ ਨੇ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਉਹ ਇਸ ਨਾਮਵਰ ਪੁਰਾਤਨ ਅਤੇ ਇਤਿਹਾਸਕ ਸੰਸਥਾ ਦੀ ਤਰੱਕੀ ਅਤੇ ਵਿਸਥਾਰ ਲਈ ਹਮੇਸ਼ਾਂ ਯਤਨਸ਼ੀਲ ਰਹਿਣਗੇ।

ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਜੁਆਇੰਟ ਸਕੱਤਰ ਸ: ਪਰਮਜੀਤ ਸਿੰਘ ਬੱਲ, ਸ: ਰਾਜਬੀਰ ਸਿੰਘ, ਸ: ਲਖਵਿੰਦਰ ਸਿੰਘ ਢਿੱਲੋਂ, ਸ: ਗੁਰਪ੍ਰੀਤ ਸਿੰਘ ਗਿੱਲ, ਸੀਨੀਅਰ ਫੈਕਲਟੀ, ਕਾਲਜ ਦੇ ਮੁਖੀ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਬਿਨਾਂ ਲਾਈਸੈਂਸ ਤੋਂ ਘਰਾਂ ਵਿੱਚ ਚੱਲ ਰਹੀਆਂ ਚਾਂਪਾ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਕੀਤਾ ਗਿਆ ਸੀਲ: ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਲੋਕ ਬਾਣੀ) – ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦਿਲਰਾਜ ਸਿੰਘ ਆਈਐਸ ਦੇ ਆਦੇਸ਼ਾਂ ਤਹਿਤ, ਡਿਪਟੀ ਕਮਿਸ਼ਨਰ ਸਾਕਸੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸਿਵਲ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵੱਲੋਂ ਇੱਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ, ਜਿਸ ਦੀ ਅਗਵਾਈ ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਵੱਲੋਂ ਕੀਤੀ ਗਈ। ਇਸ ਟੀਮ ਵਿੱਚ ਫੂਡ ਸੇਫਟੀ ਅਫਸਰ ਅਮਨਦੀਪ ਸਿੰਘ ਅਤੇ ਸਤਨਾਮ ਸਿੰਘ ਵੱਲੋਂ ਪੁਲਿਸ ਵਿਭਾਗ ਦੇ ਵਿਜੀਲੈਂਸ ਵਿੰਗ ਦੇ ਇੰਸਪੈਕਟਰ ਸ਼ਰਨਜੀਤ ਸਿੰਘ ਅਤੇ ਗੁਰਸੇਵਕ ਸਿੰਘ ਨਾਲ ਮਿਲ ਕੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਖਾਣ ਪੀਣ ਦੀਆਂ ਵਸਤੂਆਂ ਖਾਸ ਕਰਕੇ ਚਾਪਾ ਅਤੇ ਮੋਮੋਸ ਬਣਾਉਣ ਵਾਲੀਆਂ ਅਨਹਾਈਜੀਨਿਕ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ। ਇਸ ਟੀਮ ਵੱਲੋਂ ਰਾਮਬਾਗ ਵਿਖੇ ਇੱਕ ਹੋਲ ਸੇਲ ਦੀ ਦੁਕਾਨ ਤੇ ਛਾਪੇਮਾਰੀ ਕੀਤੀ ਗਈ ਜਿਸ ਦੌਰਾਨਚਾਪਾ ਅਤੇ ਮੋਮੋਜ ਦੇ ਸੈਂਪਲ ਭਰੇ ਗਏ। ਉਕਤ ਦੁਕਾਨਦਾਰ ਵੱਲੋਂ ਫੂਡ ਸੇਫਟੀ ਸਬੰਧੀ ਨਾ ਹੀ ਕੋਈ ਲਾਈਸੈਂਸ ਲਿਆ ਗਿਆ ਸੀ ਅਤੇ ਸਾਰੇ ਸਮਾਨ ਦਾ ਰੱਖ ਰਖਾਵ ਅਨਹਾਈਜੀਨਿਕ ਹੋਣ ਕਾਰਨ, ਉਸ ਦਾ ਚਲਾਨ ਕੱਟਿਆ ਗਿਆ ਅਤੇ ਸੈਂਪਲ ਸੀਲ ਕੀਤੇ ਗਏ। ਇਸ ਉਪਰੰਤ ਟੀਮ ਵੱਲੋਂ ਅਨਗੜ ਸਥਿਤ ਦੋ ਚਾਪਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਫੈਕਟਰੀ ਵਿੱਚ ਅਨਹਾਈਜੀਨਿਕ ਰੱਖ ਰਖਾਵ ਅਤੇ ਲਾਈਸੈਂਸ ਨਾ ਹੋਣ ਕਰਕੇ ਉਕਤ ਦੋਹਾਂ ਫੈਕਟਰੀਆਂ ਨੂੰ ਸੀਲ ਕੀਤਾ ਅਤੇ ਚਾਪਾ ਦੇ ਸੈਂਪਲ ਭਰੇ ਗਏ। ਇਸ ਰੇਡ ਦੌਰਾਨ ਕੁੱਲ ਪੰਜ ਸੈਂਪਲ ਭਰੇ ਗਏ ਹਨ ਅਤੇ ਇਹਨਾਂ ਸਾਰੇ ਸੈਂਪਲਾਂ ਨੂੰ ਸਟੇਟ ਲੈਬੋਰਟਰੀ ਖਰੜ ਵਿਖੇ ਟੈਸਟਿੰਗ ਲਈ

# ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਨੂੰ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ-ਸੋਮ ਪ੍ਰਕਾਸ਼



ਲੁਧਿਆਣਾ/ ਫਗਵਾੜਾ ( ਸੁਸ਼ੀਲ ਸ਼ਰਮਾ) ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਭਾਰਤ ਸਰਕਾਰ ਵਲੋਂ ਪਿੰਡਾਂ ਵਿੱਚ ਕੱਚੇ ਮਕਾਨਾਂ ਵਿੱਚ ਰਹਿ ਰਹੇ ਲੋੜਵੰਦਾਂ ਪਰਿਵਾਰਾਂ ਨੂੰ ਪੱਕੇ ਮਕਾਨ ਬਣਵਾ ਕੇ ਦੇਣ ਦੀ ਇਸ ਯੋਜਨਾਂ ਦਾ ਸਵਾਗਤ ਕਰਦਿਆਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਵੱਲੋਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਉਨਾਂ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਲਾਭਪਾਤਰੀਆਂ ਨੂੰ ਨਵੇਂ ਘਰ ਬਨਾਉਣ ਲਈ 150,000/-ਦੇ ਲਗਭਗ ਰੁਪਏ ਤਿੰਨ ਕਿਸ਼ਤਾਂ ਵਿੱਚ ਰਾਸ਼ੀ ਜਾਰੀ ਜਾਰੀ ਕੀਤੀ ਜਾਵੇਗੀ। ਜਿਸ ਵਿੱਚ ਪਹਿਲੀ ਕਿਸ਼ਤ 25% (30,000/- ਰੁਪਏ) ਮਕਾਨ ਸੈਂਕਸ਼ਨ ਹੋਣ ਤੋਂ ਬਾਅਦ,ਦੂਜੀ ਕਿਸ਼ਤ 60% (72,000/- ਰੁ) ਦੀਵਾਰਾਂ ਦੇ ਲੈਂਟਰ ਲੇਵਲ ਤੇ ਪੁੱਜਣ ਤੇ ਅਤੇ ਤੀਸਰੀ ਕਿਸ਼ਤ 15% (18000/-ਰੁ) ਘਰ ਮੁਕੰਮਲ ਹੋਣ ਤੋਂ ਬਾਅਦ ਅਦਾ ਕੀਤੀ ਜਾਵੇਗੀ ਅਤੇ 30000/- ਰੁ. ਲੇਬਰ ਲਈ ਦਿੱਤੇ ਜਾਣਗੇ।ਇਹ ਰਾਸ਼ੀ ਸਿੱਧੀ ਲਾਭਪਾਤਰੀ ਦੇ ਖਾਤੇ ਵਿੱਚ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦੱਸਿਆ ਕਿ ਮਨਰੇਗਾ ਤੋਂ ਸ਼ੋਚਾਲਿਆ ਦਾ ਪ੍ਰਬੰਧ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਜਯੋਤੀ ਯੋਜਨਾ ਤੋਂ ਬਿਜਲੀ ਦਾ ਪ੍ਰਬੰਧ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ ਤੋਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਅਤੇ ਉਜਵਲਾ ਯੋਜਨਾ ਤੋ ਗੈਸ ਚੁੱਲੇ ਦਾ ਪ੍ਰਬੰਧ ਆਦ ਯੋਜਨਾਵਾਂ ਦਾ ਵੀ ਦੇਸ਼ਵਾਸੀ ਲਾਭ ਲੈ ਰਹੇ ਹਨ।

ਸੋਮ ਪ੍ਰਕਾਸ਼ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲੋੜਵੰਦ ਲਾਭਪਾਤਰੀਆਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ ਹੋਵੇਗਾ। ਉਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਸਮੇਂ-ਸਮੇਂ ਤੇ ਵੱਖ-ਵੱਖ ਸਕੀਮਾਂ ਰਾਹੀਂ ਜਨਤਾ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੀ ਹੈ।

# ਪੰਜਗਰਾਈਆ ਵਿਖੇ ਮਨਾਇਆ ਗਿਆ ਵਰਲਡ ਓਰਲ ਹੈਲਥ ਡੇਅ




ਮਾਲੇਰਕੋਟਲਾ –(ਕਿੰਮੀ ਅਰੋੜਾ,ਅਸਲਮ ਨਾਜ਼)
ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਮਲੇਰਕੋਟਲਾ ਡਾ.ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ.ਜੀ ਐੱਸ ਭਿੰਡਰ ਦੀ ਅਗਵਾਈ ਵਿੱਚ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਵਰਲਡ ਓਰਲ ਹੈਲਥ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਜੀ ਐੱਸ ਭਿੰਡਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਆਸ਼ਾ ਵਰਕਰਾਂ ਨੂੰ ਓਰਲ ਹੈਲਥ ਪ੍ਰਤੀ ਜਾਗਰੂਕ ਕੀਤਾ ਗਿਆ ਤਾਂ ਜੋ ਉਹ ਆਮ ਲੋਕਾਂ ਨੂੰ ਮੂੰਹ ਦੀ ਸਾਫ਼ ਸਫ਼ਾਈ ਅਤੇ ਸੰਭਾਲ਼ ਪ੍ਰਤੀ ਨੁਕਤੇ ਦੱਸ ਸਕਣ। ਇਸ ਮੌਕੇ ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਹਰ ਸਾਲ ਇਹ ਪ੍ਰੋਗਰਾਮ ਇੱਕ ਖਾਸ ਥੀਮ ਦੀ ਪਾਲਣਾ ਕਰਦਾ ਹੈ, ਜੋ ਮੂੰਹ ਦੀ ਸੰਭਾਲ ਦੇ ਵੱਖ-ਵੱਖ ਪਹਿਲੂਆਂ ਤੇ ਕੇਂਦ੍ਰਿਤ ਹੁੰਦਾ ਹੈ। 2025 ਦਾ ਥੀਮ, ਇੱਕ ਖੁਸ਼ ਮੂੰਹ ਹੈ... ਇੱਕ ਖੁਸ਼ ਮਨ ਹੈ ' ਮੂੰਹ ਦੀ ਸਿਹਤ ਅਤੇ ਮਾਨਸਿਕ ਤੰਦਰੁਸਤੀ ਵਿਚਕਾਰ ਸਬੰਧ ਨੂੰ ਉਜਾਗਰ ਕਰਦਾ ਹੈ। ਉਹਨਾਂ ਦੱਸਿਆ ਕਿ ਮਾੜੀ ਮੂੰਹ ਦੀ ਸਫਾਈ ਕਾਰਨ ਖੋੜ, ਮਸੂੜਿਆਂ ਦੀ ਬਿਮਾਰੀ ਅਤੇ ਦੰਦਾਂ ਦਾ ਨੁਕਸਾਨ ਵਰਗੀਆਂ ਸਥਿਤੀਆਂ ਹੋ ਸਕਦੀਆਂ ਹਨ, ਜੋ ਆਤਮਵਿਸ਼ਵਾਸ, ਸਮਾਜਿਕ ਪਰਸਪਰ ਪ੍ਰਭਾਵ ਅਤੇ ਸਮੁੱਚੀ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਲਾਜ ਨਾ ਕੀਤੇ ਗਏ ਦੰਦਾਂ ਦੀਆਂ ਸਮੱਸਿਆਵਾਂ ਤਣਾਅ, ਚਿੰਤਾ ਅਤੇ ਸਵੈ-ਚੇਤਨਾ ਵਿੱਚ ਵੀ ਯੋਗਦਾਨ ਪਾ ਸਕਦੀਆਂ ਹਨ, ਜਿਸ ਨਾਲ ਵਿਅਕਤੀ ਦੇ ਜੀਵਨ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜਰ ਚਰਨਜੀਤ ਕੌਰ, ਮਲਟੀ ਪਰਪਜ਼ ਹੈਲਥ ਵਰਕਰ ਗੁਰਮੀਤ ਕੌਰ ਅਤੇ ਸਮੂਹ ਆਸ਼ਾ ਵਰਕਰਾਂ ਹਾਜ਼ਿਰ ਰਹੀਆਂ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE SINCE 1958
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565